ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 14 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਆਮ ਆਦਮੀ ਪਾਰਟੀ ਦਾ ਕਰੀਬੀ ਹੈ ਸ਼ਰਾਬ ਦਾ ਠੇਕੇਦਾਰ, ਬਚਾਉਣ ਲਈ ਹਰ ਹੀਲਾ ਵਰਤ ਰਹੀ ਸਰਕਾਰ- ਮਜੀਠੀਆ

**ਅੰਮ੍ਰਿਤਸਰ, 13 ਮਈ (ਆਵਾਜ਼ਿ ਕੌਮ ਬਿਊਰੋ)**- ਅੰਮ੍ਰਿਤਸਰ ਜ਼ਿਲ੍ਹੇ ਦੇ ਮਜੀਠਾ ਇਲਾਕੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਲਗਭਗ 20 ਦੇ ਕਰੀਬ ਲੋਕਾਂ ਦੀ ਮੌਤ ਹੋ ਗਈ ਹੈ। ਜਦੋਂ ਕਿ 6 ਹੋਰਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।ਇਹ ਸਾਰੇ ਲੋਕ ਅੰਮ੍ਰਿਤਸਰ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਹਨ। ਇਨ੍ਹਾਂ ਵਿੱਚੋਂ 4 ਦੀ ਹਾਲਤ ਇੰਨੀ ਗੰਭੀਰ ਹੈ ਕਿ ਉਹ ਬੋਲਣ ਦੀ ਸਥਿਤੀ ਵਿੱਚ ਵੀ ਨਹੀਂ ਹਨ। ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਬਿਕਰਮ ਸਿੰਘ ਮਜੀਠੀਆ ਨੇ ਸੋਸ਼ਲ ਮੀਡੀਆ ਉੱਤੇ ਵੀਡੀਓ ਸਾਂਝੀ ਕਰਦਿਆਂ ਲਿਖਿਆ, ਹਲਕੇ ਮਜੀਠਾ ਦੇ ਪਿੰਡ ਭੰਗਾਲੀ ਕਲਾਂ, ਮਰੜੀ ਕਲਾਂ , ਥਰੀਏਵਾਲ ਵਿਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਲੋਕਾਂ ਦੀ ਮੌਤ ਹੋ ਗਈ ਹੈ। ਕਈਆਂ ਦੀ ਸ਼ਰਾਬ ਪੀਣ ਨਾਲ ਹਾਲਤ ਬੇਹੱਦ ਗੰਭੀਰ ਹੈ।ਮਜੀਠੀਆ ਨੇ ਕਿਹਾ ਕਿ ਹੈਰਾਨੀ ਦੀ ਗੱਲ ਇਹ ਹੈ ਕਿ ਕਈਆਂ ਮ੍ਰਿਤਕਾਂ ਦਾ ਪੋਸਟਮਾਟਮ ਵੀ ਨਹੀਂ ਕਰਵਾਇਆ ਗਿਆ। ਸ਼ਰਾਬ ਦਾ ਠੇਕੇਦਾਰ ਆਮ ਆਦਮੀ ਪਾਰਟੀ ਦਾ ਕਰੀਬੀ ਹੈ ਉਸ ਨੂੰ ਬਚਾਉਣ ਲਈ ਸਰਕਾਰ ਹਰ ਹੀਲਾ ਵਰਤ ਰਹੀ ਹੈ। ਜ਼ਹਿਰੀਲੀ ਸ਼ਰਾਬ ਵੇਚਣ ਵਾਲਾ ਮਾਫੀਆ ਸ਼ਰ੍ਹੇਆਮ ਸ਼ਰਾਬ ਵੇਚ ਰਿਹਾ ਹੈ ਇਸ ਮੌਕੇ ਬਿਕਰਮ ਸਿੰਘ ਮਜੀਠੀਆ ਨੇ ਇਲਜ਼ਾਮ ਲਾਉਂਦਿਆਂ ਕਿਹਾ ਕਿ ਸਰਕਾਰ ਦੀ ਮਿਲੀ ਭੁਗਤ ਨਾਲ ਧੰਦਾ ਜਾਰੀ ਹੈ। ਮੁੱਖ ਮੰਤਰੀ ਤੋਂ ਮੰਗ ਕਰਦੇ ਹਾਂ ਕਿ ਪੀੜਤ ਪਰਿਵਾਰਾਂ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ। ਦੋਸ਼ੀਆਂ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

## ਪੰਜਾਬ 'ਚ ਮੱਚੀ ਹਾਹਾਕਾਰ

# ਜ਼ਹਿਰੀਲੀ ਸ਼ਰਾਬ ਨਾਲ 20 ਦੇ ਕਰੀਬ ਮੌਤਾਂ

**ਅੰਮ੍ਰਿਤਸਰ, 13 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਜੀਠਾ ਵਿੱਚ ਜ਼ਹਿਰੀਲੀ ਸ਼ਰਾਬ ਕਾਰਨ ਹੋਈਆਂ ਮੌਤਾਂ ਤੋਂ ਬਾਅਦ, ਪੰਜਾਬ ਸਰਕਾਰ ਨੇ ਸਖ਼ਤ ਕਾਰਵਾਈ ਕੀਤੀ ਹੈ।ਪੁਲਿਸ ਨੇ ਨਕਲੀ ਸ਼ਰਾਬ ਰੈਕੇਟ ਦੇ ਮਾਸਟਰਮਾਈਂਡ ਪ੍ਰਭਜੀਤ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਅੰਮ੍ਰਿਤਸਰ ਦੇ ਦਿਹਾਤੀ ਖੇਤਰ ਦੇ ਐਸਐਸਪੀ ਨੇ ਦੱਸਿਆ ਕਿ ਧਾਰਾ 105 ਬੀਐਨਐਸ ਅਤੇ 61ਏ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਪੂਰੇ ਨੈੱਟਵਰਕ ਦੀ ਜਾਂਚ ਜਾਰੀ ਹੈ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਹੋਰ ਮੁਲਜ਼ਮਾਂ ਵਿੱਚ ਪ੍ਰਭਜੀਤ ਦਾ ਭਰਾ ਕੁਲਬੀਰ ਸਿੰਘ ਉਰਫ਼ ਜੱਗੂ, ਸਾਹਿਬ ਸਿੰਘ ਉਰਫ਼ ਸਰਾਏ, ਗੁਰਜੰਟ ਸਿੰਘ ਅਤੇ ਨਿੰਦਰ ਕੌਰ ਸ਼ਾਮਲ ਹਨ। ਦੱਸ ਦੇਈਏ ਕਿ ਮਜੀਠਾ ਵਿਧਾਨ ਸਭਾ ਹਲਕੇ ਅਧੀਨ ਆਉਂਦੇ ਤਿੰਨ ਪਿੰਡਾਂ ਵਿੱਚ ਦੇਰ ਸ਼ਾਮ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਹੁਣ ਤੱਕ 20 ਦੇ ਕਰੀਬ ਲੋਕਾਂ ਦੀ ਮੌਤ ਹੋ ਚੁੱਕੀ ਹੈ।



ਪਹਿਲਾਂ ਮਰਨ ਵਾਲਿਆਂ ਦੀ ਗਿਣਤੀ 8 ਸੀ, ਜਿਸ ਵਿੱਚ ਪਿੰਡ ਭੰਗਾਲੀ ਦੇ 3, ਮਾਰਦੀ ਕਲਾਂ ਦੇ 3 ਅਤੇ ਥਰੇਵਾਲ ਦੇ 2 ਲੋਕ ਸ਼ਾਮਲ ਸਨ। ਇਹ ਘਟਨਾ ਮਜੀਠਾ ਥਾਣੇ ਅਧੀਨ ਆਉਂਦੀ ਚੌਕੀ ਭੰਗਾਲੀ ਕਲਾਂ ਦੇ ਬਹੁਤ ਨੇੜੇ ਵਾਪਰੀ। ਪਤਾ ਲੱਗਾ ਹੈ ਕਿ ਮੌਤਾਂ ਦੀ ਗਿਣਤੀ ਵਧ ਸਕਦੀ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਥਾਣਾ ਮਜੀਠਾ ਅਤੇ ਕੱਥੂਨੰਗਲ ਦੇ ਕਈ ਪਿੰਡਾਂ 'ਚ ਮੰਦਭਾਗੀ ਘਟਨਾ ਘਟੀ ਅਤੇ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਹੁਣ ਤੱਕ 20 ਦੇ ਕਰੀਬ ਲੋਕਾਂ ਦੀ ਮੌਤ ਹੋ ਚੁੱਕੀ ਹੈ ਤੇ ਇਹ ਕਤਲ ਹੀ ਹਨ। ਉਨ੍ਹਾਂ ਦੱਸਿਆ ਕਿ ਇਸ ਘਟਨਾ ਦੇ 10 ਦੋਸ਼ੀਆਂ ਨੂੰ ਹੁਣ ਤੱਕ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਇਸ ਦੇ ਤਾਰ ਦਿੱਲੀ ਤੱਕ ਜੁੜੇ ਹੋਏ ਹਨ ਅਤੇ ਉੱਥੇ ਵੀ ਸਾਡੀ ਟੀਮ ਗਈ ਹੋਈ ਹੈ।

ਇਸ ਮੌਕੇ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਕੰਮ ਪੁਲਿਸ, ਰਾਜਨੀਤਿਕ ਸ਼ੈਅ ਤੇ ਅਫਸਰਸ਼ਾਹੀ ਦੀ ਸ਼ੈਅ ਤੋਂ ਬਗੈਰ ਨਹੀਂ ਹੋ ਸਕਦਾ।

## ਮਜੀਠਾ ਜ਼ਹਿਰੀਲੀ ਸ਼ਰਾਬ ਕਾਂਡ ਮਾਮਲੇ 'ਚ ਵੱਡੀ ਕਾਰਵਾਈ, ਡੀ. ਐਸ. ਪੀ. ਤੇ ਐਸ. ਐਚ. ਓ. 'ਤੇ ਡਿੱਗੀ ਗਾਜ

**ਅੰਮ੍ਰਿਤਸਰ, 13 ਮਈ (ਆਵਾਜ਼ਿ ਕੌਮ ਬਿਊਰੋ)**-ਮਜੀਠਾ 'ਚ ਜ਼ਹਿਰੀਲੀ ਸ਼ਰਾਬ ਕਾਂਡ 'ਚ ਪੰਜਾਬ ਸਰਕਾਰ ਵੱਲੋਂ ਵੱਡਾ ਐਕਸ਼ਨ ਲੈਂਦਿਆਂ ਡੀ.ਐੱਸ.ਪੀ ਸਬ-ਡਵੀਜ਼ਨ ਮਜੀਠਾ ਅਮੋਲਕ ਸਿੰਘ ਅਤੇ ਐੱਸ.ਐੱਚ.ਓ ਥਾਣਾ ਮਜੀਠਾ ਐੱਸ.ਆਈ ਅਵਤਾਰ ਸਿੰਘ ਨੂੰ ਆਪਣੀਆਂ ਡਿਊਟੀਆਂ ਵਿੱਚ ਕੁਤਾਹੀ ਵਰਤਣ ਲਈ ਮੁਅੱਤਲ ਕਰ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀਆਂ ਵਿਰੁੱਧ ਵਿਭਾਗੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਅੰਮ੍ਰਿਤਸਰ ਦੇ ਮਜੀਠਾ ਵਿਚ ਨਕਲੀ ਸ਼ਰਾਬ ਪੀਣ ਨਾਲ 15 ਲੋਕਾਂ ਦੀ ਮੌਤ ਹੋ ਗਈ। ਮ੍ਰਿਤਕ ਮਜੀਠਾ ਦੇ 3 ਪਿੰਡਾਂ ਨਾਲ ਸਬੰਧਤ ਦੱਸੇ ਜਾ ਰਹੇ ਹਨ। ਇਨ੍ਹਾਂ ਵਿਚ ਪਿੰਡ ਭੰਗਾਲੀ, ਮਰੜੀ ਕਲਾਂ ਤੇ ਥਰੀਏਵਾਲ ਦੇ ਲੋਕ ਸ਼ਾਮਲ ਹਨ। ਇਸ ਮਾਮਲੇ ਵਿਚ ਪੰਜਾਬ ਸਰਕਾਰ ਨੇ ਵੀ ਵੱਡਾ ਐਕਸ਼ਨ ਲਿਆ ਹੈ। ਇਸ ਨਕਲੀ ਸ਼ਰਾਬ ਰੈਕੇਟ ਦੇ ਕਿੰਗਪਿਨ ਤੇ ਮੁੱਖ ਸਪਲਾਇਰ ਸਣੇ 6 ਮੁਲਜ਼ਮਾਂ ਨੂੰ 7 ਘੰਟਿਆਂ ਦੇ ਅੰਦਰ-ਅੰਦਰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਪ੍ਰਭਜੀਤ ਸਿੰਘ, ਕੁਲਬੀਰ ਸਿੰਘ ਉਰਫ਼ ਜੱਗੂ, ਸਾਹਿਬ ਸਿੰਘ ਉਰਫ਼ ਸਰਾਏ ਵਾਸੀ ਮਾਰੜੀ ਕਲਾਂ, ਗੁਰਜੰਟ ਸਿੰਘ ਤੇ ਨਿੰਦਰ ਕੌਰ ਵਾਸੀ ਥੀਰੇਂਵਾਲ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਸ਼ਰਾਬ ਰੈਕੇਟ ਦਾ ਕਿੰਗਪਿਨ ਸਾਹਿਬ ਸਿੰਘ ਤੇ ਪ੍ਰਭਜੀਤ ਸਿੰਘ ਨਕਲੀ ਸ਼ਰਾਬ ਸਪਲਾਈ ਕਰਨ ਦਾ ਮਾਸਟਰਮਾਈਂਡ ਸੀ। ਗ੍ਰਿਫ਼ਤਾਰ ਮੁਲਜ਼ਮ ਕੁਲਬੀਰ ਸਿੰਘ ਉਰਫ਼ ਜੱਗੂ ਮੁੱਖ ਮੁਲਜ਼ਮ ਪ੍ਰਭਜੀਤ ਦਾ ਭਰਾ ਹੈ। ਇਸ ਮੌਕੇ ਅੰਮ੍ਰਿਤਸਰ ਦੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਉਕਤ ਪਿੰਡਾਂ ਦੀਆਂ ਪੰਚਾਇਤਾਂ ਅਤੇ ਮੋਹਤਬਰਾਂ ਨਾਲ ਮੁਲਕਾਤ ਕਰਦਿਆਂ ਕਿਹਾ ਕਿ ਉਹ ਆਪਣੇ ਪਿੰਡਾਂ ਦੇ ਸ਼ਰਾਬ ਪੀਣ ਦੇ ਆਦੀ ਲੋਕਾਂ ਦਾ ਪਤਾ ਲਗਾ ਕੇ ਤੁਰੰਤ ਨੇੜਲੇ ਸਰਕਾਰੀ ਹਸਪਤਾਲਾਂ 'ਚ ਦਾਖ਼ਲ ਕਰਵਾਇਆ ਜਾਵੇ ਤਾਂ ਜੋ ਹੋਰ ਮੌਤਾਂ ਹੋਣ ਤੋਂ ਰੋਕੀਆਂ ਜਾ ਸਕਣ।

ਇਸ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਮਜੀਠਾ ਵਿਚ ਪੰਜ ਪਿੰਡਾਂ ਵਿਚ ਵਾਪਰੀ ਜ਼ਹਿਰੀਲੀ ਸ਼ਰਾਬ ਦੀ ਘਟਨਾ ਵਿਚ ਕੀਮਤੀ ਜਾਨਾਂ (ਰਿਪੋਰਟਾਂ ਅਨੁਸਾਰ ਹੁਣ ਤੱਕ 14 ) ਦੇ ਨੁਕਸਾਨ ਦੀ ਖ਼ਬਰ ਸੁਣਕੇ ਬਹੁਤ ਦੁੱਖ ਹੋਇਆ। ਇਹ ਸ਼ਰਾਬ ਮਾਫੀਆ ਦੁਆਰਾ ਪੈਦਾ ਕੀਤੀ ਇਕ ਸਰਕਾਰੀ ਆਫ਼ਤ ਹੈ।

## ਪ੍ਰਧਾਨ ਮੰਤਰੀ ਮੋਦੀ ਨੇ ਆਦਮਪੁਰ ਪਹੁੰਚ ਕੇ ਦਿੱਤਾ ਪਾਕਿਸਤਾਨ ਨੂੰ ਸਖ਼ਤ ਸੁਨੇਹਾ



**ਆਦਮਪੁਰ (ਜਲੰਧਰ), 13 ਮਈ (ਆਵਾਜ਼ਿ ਕੌਮ ਬਿਊਰੋ)**-ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਸਵੇਰੇ ਅਚਾਨਕ ਪੰਜਾਬ ਦੇ ਆਦਮਪੁਰ ਏਅਰਬੇਸ ਪਹੁੰਚੇ ਤਾਂ ਇੱਕ ਤਸਵੀਰ ਸਾਹਮਣੇ ਆਈ, ਜਿਸ ਨੇ ਪਾਕਿਸਤਾਨ ਦੇ ਝੂਠੇ ਪ੍ਰਚਾਰ ਨੂੰ ਇੱਕ ਹੀ ਝਟਕੇ ਵਿੱਚ ਢਹਿ ਢੇਰੀ ਦਿੱਤਾ। ਇਸ ਤਸਵੀਰ ਵਿੱਚ ਪ੍ਰਧਾਨ ਮੰਤਰੀ ਮੋਦੀ ਸੈਨਿਕਾਂ ਵੱਲ ਹੱਥ ਹਿਲਾਉਂਦੇ ਹੋਏ ਦਿਖਾਈ ਦੇ ਰਹੇ ਹਨ, ਜਦੋਂ ਕਿ ਉਨ੍ਹਾਂ ਦੇ ਪਿੱਛੇ ਮਿਗ-29 ਜੈੱਟ ਅਤੇ ਐਸ-400 ਹਵਾਈ ਰੱਖਿਆ ਪ੍ਰਣਾਲੀ ਸੁਰੱਖਿਅਤ ਅਤੇ ਤੰਦਰੁਸਤ ਖੜ੍ਹੇ ਹਨ। ਇਸ ਤਸਵੀਰ ਦਾ ਸੰਦੇਸ਼ ਦੋਹਰਾ ਸੀ, ਇਸਨੇ ਨਾ ਸਿਰਫ਼ ਪਾਕਿਸਤਾਨ ਦੇ ਇਸ ਦਾਅਵੇ ਦਾ ਖੰਡਨ ਕੀਤਾ ਕਿ ਉਸ ਦੇ JF-17 ਲੜਾਕੂ ਜਹਾਜ਼ ਤੋਂ ਦਾਗੀਆਂ ਗਈਆਂ ਮਿਜ਼ਾਈਲਾਂ ਨੇ ਆਦਮਪੁਰ ਵਿੱਚ ਐਸ-400 ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ, ਸਗੋਂ ਪ੍ਰਧਾਨ ਮੰਤਰੀ ਮੋਦੀ ਦੀ ਰਾਸ਼ਟਰੀ ਸੁਰੱਖਿਆ ਪ੍ਰਤੀ ਅਟੁੱਟ ਵਚਨਬੱਧਤਾ ਦਾ ਵੀ ਸੰਕੇਤ ਦਿੱਤਾ। ਇਸ ਤੋਂ ਬਾਅਦ, ਪੀਐਮ ਮੋਦੀ ਨੇ ਭਾਰਤੀ ਹਵਾਈ ਸੈਨਾ ਦੇ ਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪਾਕਿਸਤਾਨ ਵਿੱਚ ਅਜਿਹੀ ਕੋਈ ਜਗ੍ਹਾ ਨਹੀਂ ਹੈ ਜਿੱਥੇ ਅੱਤਵਾਦੀ ਲੁਕ ਸਕਣ, ਅਸੀਂ ਉਨ੍ਹਾਂ ਦੇ ਘਰਾਂ ਵਿੱਚ ਵੜ ਕੇ ਉਨ੍ਹਾਂ ਨੂੰ ਮਾਰ ਦੇਵਾਂਗੇ ਅਤੇ ਉਨ੍ਹਾਂ ਨੂੰ ਭੱਜਣ ਦਾ ਮੌਕਾ ਨਹੀਂ ਦੇਵਾਂਗੇ। ਉਨ੍ਹਾਂ ਨੇ ਭਾਰਤ ਦੀਆਂ ਆਧੁਨਿਕ ਫੌਜੀ ਸਮਰੱਥਾਵਾਂ ਦੀ ਪ੍ਰਸ਼ੰਸਾ ਕੀਤੀ ਤੇ ਪਾਕਿਸਤਾਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ, 'ਸਾਡੇ ਡਰੋਨ, ਸਾਡੇ ਮਿਜ਼ਾਈਲਾਂ - ਉਨ੍ਹਾਂ ਬਾਰੇ ਸੋਚਣ ਨਾਲ ਹੀ ਪਾਕਿਸਤਾਨ ਦੀ ਕਈ ਦਿਨਾਂ ਤੱਕ ਨੀਂਦ ਹਰਾਮ ਹੋ ਜਾਵੇਗੀ।' ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਬੁੱਧ ਦੀ ਧਰਤੀ ਹੈ ਤੇ ਗੁਰੂ ਗੋਬਿੰਦ ਸਿੰਘ ਜੀ ਦੀ ਵੀ ਧਰਤੀ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ ਸੀ- ਚਿੜੀਓਂ ਸੇ ਮੈਂ ਬਾਜ਼ ਤੁੜਾਊਂ, ਸਵਾ ਲਾਖ ਸੇ ਏਕ ਲੜਾਊਂ, ਤਬੈ ਗੋਬਿੰਦ ਸਿੰਘ ਨਾਮ ਕਹਾਊਂ।। ਬੁਰਾਈ ਨੂੰ ਨਸ਼ਟ ਕਰਨ ਅਤੇ ਧਾਰਮਿਕਤਾ ਸਥਾਪਤ ਕਰਨ ਲਈ ਹਥਿਆਰ ਚੁੱਕਣਾ ਸਾਡੀ ਪਰੰਪਰਾ ਹੈ। ਇਸੇ ਲਈ ਜਦੋਂ ਸਾਡੀਆਂ ਭੈਣਾਂ-ਧੀਆਂ ਦੇ ਸਿੰਦੂਰ ਖੋਹ ਲਏ ਗਏ, ਅਸੀਂ ਅੱਤਵਾਦੀਆਂ ਦੇ ਘਰਾਂ ਵਿੱਚ ਵੜ ਗਏ ਅਤੇ ਉਨ੍ਹਾਂ ਦੇ ਹੌਂਸਲੇ ਪਸਤ ਕਰ ਦਿੱਤੇ। ਉਹ ਕਾਇਰਾਂ ਵਾਂਗ ਲੁਕ ਗਏ, ਪਰ ਉਹ ਭੁੱਲ ਗਏ ਕਿ ਜਿਸ ਨੂੰ ਉਹ ਲਲਕਾਰ ਰਹੇ ਸਨ ਉਹ ਭਾਰਤੀ ਫੌਜ ਸੀ।

## ਸ਼੍ਰੋਮਣੀ ਕਮੇਟੀ ਭਾਈ ਬਲਵੰਤ ਸਿੰਘ ਰਾਜੋਆਣਾ ਬਾਰੇ ਪਟੀਸ਼ਨ ਸਬੰਧੀ ਆਮ ਰਾਏ ਬਣਾਉਣ ਲਈ ਯਤਨਸ਼ੀਲ- ਐਡਵੋਕੇਟ ਧਾਮੀ

### ☛ ਪੁੰਛ 'ਚ ਮਾਰੇ ਗਏ 4 ਸਿੱਖਾਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਦੇਵੇਗੀ ਸ਼੍ਰੋਮਣੀ ਕਮੇਟੀ ☛ ਅਜਾਇਬਘਰ 'ਚ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ, ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਸਮੇਤ ਪੰਜ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਹੋਣਗੀਆਂ ਸੁਸ਼ੋਭਿਤ

**ਨਵੀਂ ਦਿੱਲੀ, 13 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਸਬੰਧੀ ਪਾਈ ਪਟੀਸ਼ਨ ਬਾਰੇ ਵਿਚਾਰ ਕਰਕੇ ਜਲਦ ਫੈਸਲਾ ਲੈਣ ਦਾ ਐਲਾਨ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਾਂ ਲਿਖੀ ਤਿੰਨ ਸਫ਼ਿਆਂ ਦੀ ਚਿੱਠੀ 'ਤੇ ਗੰਭੀਰ ਵਿਚਾਰ ਕਰਦਿਆਂ ਇਸ ਕੌਮੀ ਮਸਲੇ ਦੀ ਸੰਜੀਦਗੀ ਅਨੁਸਾਰ ਜਲਦ ਫੈਸਲਾ ਲੈਣ ਦੀ ਵਚਨਬੱਧਤਾ ਪ੍ਰਗਟਾਈ। ਇਕੱਤਰਤਾ ਬਾਅਦ ਪੱਤਰਕਾਰਾਂ ਨਾਲ ਗੱਲ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਭਾਈ ਰਾਜੋਆਣਾ ਨੇ ਸ਼੍ਰੋਮਣੀ ਕਮੇਟੀ ਨੂੰ ਇੱਕ ਵਿਸਥਾਰਤ ਚਿੱਠੀ ਲਿਖੀ ਹੈ, ਜਿਸ ਵਿਚ ਉਨ੍ਹਾਂ ਨੇ ਸਰਕਾਰਾਂ ਵੱਲੋਂ ਸਿੱਖਾਂ ਨਾਲ ਕੀਤੇ ਜਾ ਰਹੇ ਵਿਤਕਰੇ ਦਾ ਜ਼ਿਕਰ ਕੀਤਾ ਹੈ। ਇਸ ਪੱਤਰ ਵਿਚ ਭਾਈ ਰਾਜੋਆਣਾ ਨੇ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਸਬੰਧੀ ਪਾਈ ਪਟੀਸ਼ਨ ਵਾਪਸ ਲੈਣ ਦਾ ਵੀ ਜ਼ਿਕਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੌਮੀ ਮਾਮਲਾ ਹੈ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਸਿੱਖ ਪੰਥ ਦੀਆਂ ਨੁਮਾਇੰਦਾ ਜਥੇਬੰਦੀਆਂ, ਨਿਹੰਗ ਸਿੰਘਾਂ ਤੇ ਟਕਸਾਲਾਂ ਨਾਲ ਇਕੱਤਰਤਾਵਾਂ ਕਰਕੇ ਕੌਮੀ ਰਾਏ ਬਣਾਉਣ ਲਈ ਯਤਨਸ਼ੀਲ ਹੈ। ਇਸ ਸਬੰਧ ਵਿਚ ਪਹਿਲਾਂ ਦੋ ਮੀਟਿੰਗਾਂ ਹੋ ਚੁੱਕੀਆਂ ਹਨ ਅਤੇ 17 ਮਈ ਨੂੰ ਚੰਡੀਗੜ੍ਹ ਵਿਖੇ ਸਿੱਖ ਜੱਜਾਂ ਅਤੇ ਵਕੀਲਾਂ ਨਾਲ ਇਕੱਤਰਤਾ ਹੋਵੇਗੀ। ਇਸ ਮਗਰੋਂ ਨੁਮਾਇੰਦਾ ਪੰਥਕ ਇਕੱਠ ਸੱਦ ਕੇ ਪੰਥਕ ਭਾਵਨਾਵਾਂ ਅਨੁਸਾਰ ਫੈਸਲਾ ਲਿਆ ਜਾਵੇਗਾ।

ਇਕੱਤਰਤਾ ਦੌਰਾਨ ਲਏ ਗਏ ਹੋਰ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਬੀਤੇ ਦਿਨੀਂ ਪੁੰਛ, ਜੰਮੂ 'ਚ ਹਮਲੇ ਦੌਰਾਨ ਮਾਰੇ ਗਏ ਸਿੱਖਾਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮਾਂ ਪੀੜਤ ਪਰਿਵਾਰਾਂ ਲਈ ਬੇਹੱਦ ਦੁਖਦਾਈ ਹੈ ਅਤੇ ਸ਼੍ਰੋਮਣੀ ਕਮੇਟੀ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਕਰੇਗੀ। ਇਕ ਹੋਰ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਤੋਂ ਬਾਬਾ ਅਟਲ ਰਾਏ ਸਾਹਿਬ ਤਕ ਸਾਹਿਬ ਦੇ ਰਸਤੇ ਦਾ



ਸੁੰਦਰੀਕਰਨ ਕੀਤਾ ਜਾਵੇਗਾ। ਇਥੇ ਦੋਹੀਂ ਪਾਸੀਂ ਖ਼ੂਬਸੂਰਤ ਦਰੱਖ਼ਤ ਲਗਾਏ ਜਾਣਗੇ, ਤਾਂ ਜੋ ਸੰਗਤ ਨੂੰ ਹਰਿਆਵਲ ਭਰਪੂਰ ਤੇ ਛਾਂਦਾਰ ਵਾਤਾਵਰਨ ਮਿਲ ਸਕੇ। ਇਸ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਪਾਸੋਂ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਕੱਤਰਤਾ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ, ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ, ਬਾਬਾ ਇੰਦਰਜੀਤ ਸਿੰਘ ਰਕਬੇਵਾਲੇ, ਬਾਬਾ ਬਿਸ਼ਨ ਸਿੰਘ ਤਰਨਾ ਦਲ ਬਾਬਾ ਬਕਾਲਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਰਣਧੀਰ ਸਿੰਘ ਚੀਮਾ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦੀ ਵੀ ਪ੍ਰਵਾਨਗੀ ਦਿੱਤੀ ਗਈ ਹੈ। ਇਕੱਤਰਤਾ ਦੀ ਆਰੰਭਤਾ ਮੌਕੇ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ, ਬਾਬਾ ਇੰਦਰਜੀਤ ਸਿੰਘ ਰਕਬੇਵਾਲੇ, ਸਾਬਕਾ ਮੈਂਬਰ ਸ. ਮੇਜਰ ਸਿੰਘ ਸਵੱਦੀ, ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਦੇ ਪਿਤਾ ਸ. ਹਰਦਿਆਲ ਸਿੰਘ ਅਤੇ ਪੁੰਛ (ਕਸ਼ਮੀਰ) 'ਚ ਹਮਲੇ ਦੌਰਾਨ ਮਾਰੇ ਗਏ 4 ਸਿੱਖਾਂ ਸਬੰਧੀ ਸ਼ੋਕ ਮਤਾ ਪੜ੍ਹਿਆ ਗਿਆ ਅਤੇ ਮੂਲਮੰਤਰ ਤੇ ਗੁਰਮੰਤਰ ਦੇ ਜਾਪ ਕਰਕੇ ਸ਼ਰਧਾਜਲੀ ਦਿੱਤੀ ਗਈ।

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ   Learn Gatka
www.damdamitaksal.net


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਵਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।

ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ




# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2025 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਵੀਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ੁੱਕਰਵਾਰ | ਜੱਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਸ਼ਨੀਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਐਤਵਾਰ | ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਸੋਮਵਾਰ | ਸੱਦਾਰੰਗ | ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਮੰਗਲਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਵੀਰਵਾਰ | ਬਾਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ੁੱਕਰਵਾਰ | ਭਲਾਈਪੁਰ ਪੁਰਬਾ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਸ਼ਨੀਵਾਰ | ਗੁ: ਕੰਧ ਸਾਹਿਬ ਬਟਾਲਾ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਮੰਗਲਵਾਰ | ਸੂਸਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਬੁੱਧਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਵੀਰਵਾਰ | ਚੌਣੇ | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ੁੱਕਰਵਾਰ | ਨਵਾਂ ਪਿੰਡ | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਸ਼ਨੀਵਾਰ | ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਐਤਵਾਰ | ਧਰਮੂਚੱਕ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਮੰਗਲਵਾਰ | ਉੱਦੋ ਨੰਗਲ ਖੁਰਦ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਬੁੱਧਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਵੀਰਵਾਰ | ਢਪਈਆ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ੁੱਕਰਵਾਰ | ਵੀਲਾ/ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਸ਼ਨੀਵਾਰ | ਬੁਤਾਲਾ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਐਤਵਾਰ | ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ; ਚੌਧਰੀਵਾਲ | ਸ਼ਾਮ 7 ਤੋਂ 9 ਵਜੇ ਤੱਕ |
| 26 ਮਈ | ਸੋਮਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਬੁੱਧਵਾਰ | ਗੁ: ਰਾਮ ਥੰਮਣ ਸਾਹਿਬ ਮਨੇਸ਼ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਵੀਰਵਾਰ | ਮੈਹਣੀਆ ਕੁਹਾਰਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ੁੱਕਰਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਸ਼ਨੀਵਾਰ | ਚਾਟੀਵਿੰਡ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 95171-76191, 84376-91626



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ ਭੁਝੰਗੀਆਂ

**ਛੋਟਾ ਘੱਲੂਘਾਰਾ ਕਹਾਨੂੰਵਾਨ ਗੁਰਦਾਸਪੁਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।**

**17 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

18 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸ਼ੇਅਰ ਜ਼ਰੂਰੀ ਕਰਨਾ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਗਰਾਂਦ ਦਾ ਪਵਿੱਤਰ ਦਿਹਾੜਾ

## ਸੰਗਰਾਂਦ ਦੇ ਪਵਿੱਤਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।



ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ

14 ਮਈ 2025 ਦਿਨ ਬੁੱਧਵਾਰ ਸ਼ਾਮ 6:30 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ☛ ਸ਼ੇਅਰ ਜ਼ਰੂਰੀ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778



ਡੇਰਾ ਬਾਬਾ ਜਵਾਹਰਦਾਸ ਜੀ ਚੈਰੀਟੇਬਲ ਟਰੱਸਟ (ਰਜਿ:), ਪਿੰਡ ਸੂਸ, ਜਿਲ੍ਹਾ ਹੁਸ਼ਿਆਰਪੁਰ
(ਬ੍ਰਾਂਚ ਦਮਦਮੀ ਟਕਸਾਲ ਜਥਾ (ਭਿੰਡਰਾਂ) ਮਹਿਤਾ
ਸਾਲਾਨਾ ਜੋੜ ਮੇਲਾ
12-13-14 ਮਈ 2025
ਸੋਮਵਾਰ-ਮੰਗਲਵਾਰ ਸ਼ਾਮ 6.00 ਤੋਂ ਰਾਤ 11.00 ਵਜੇ ਤੱਕ
ਬੁੱਧਵਾਰ ਸਵੇਰੇ 8.00 ਤੋਂ ਰਾਤ 11.00 ਵਜੇ ਤੱਕ
12 ਮਈ 2025 ਦਿਨ ਸੋਮਵਾਰ
ਆਰੰਭ ਸ੍ਰੀ ਅਖੰਡ ਪਾਠ ਸਾਹਿਬ
12-13 ਮਈ 2025 ਦਿਨ ਸੋਮ-ਮੰਗਲਵਾਰ
ਸ਼ਾਮ 6.00 ਤੋਂ ਰਾਤ 11.00 ਵਜੇ ਤੱਕ
ਕੀਰਤਨ ਦਰਬਾਰ
14 ਮਈ 2025 ਦਿਨ ਬੁੱਧਵਾਰ
ਵਿਸ਼ੇਸ਼ ਕਥਾ-ਕੀਰਤਨ ਅਤੇ ਸੰਤ ਸਮਾਗਮ
ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ:
ਮਿਤੀ 14 ਮਈ 2025, ਬੁੱਧਵਾਰ ਸਵੇਰੇ
11.00 ਤੋਂ 1.00 ਵਜੇ ਤੱਕ ਕੀਤੀ ਜਾਵੇਗੀ।
live on
LIVE
ਗੁਰੂ ਪੰਥ ਦੇ ਦਾਸ: ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ)
ਮੁੱਖ ਪ੍ਰਬੰਧਕ : ਡੇਰਾ ਬਾਬਾ ਜਵਾਹਰਦਾਸ ਜੀ ਚੈਰੀਟੇਬਲ ਟਰੱਸਟ (ਰਜਿ:), ਪਿੰਡ ਸੂਸ, ਜਿਲ੍ਹਾ ਹੁਸ਼ਿਆਰਪੁਰ
ਸੰਪਰਕ : 99158-00904, 99209-91313, 99150-42113
Amrit




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

### ਜਥੇਦਾਰ ਦਾਦੂਵਾਲ ਹਰਿਆਣਾ ਕਮੇਟੀ ਦੇ ਮੁੜ ਮੈਂਬਰ ਨਾਮਜਦ ਹੋ ਕੇ

# ਕਾਲਾਂਵਾਲੀ ਪੁੱਜਣ 'ਤੇ ਸਿੱਖ ਸੰਗਤਾਂ ਨੇ ਕੀਤਾ ਭਰਵਾਂ ਸਵਾਗਤ



**ਕਾਲਾਂਵਾਲੀ/ਤਲਵੰਡੀ ਸਾਬੋ, 13 ਮਈ (ਗੁਰਜੰਟ ਸਿੰਘ ਨਥੇਹਾ)-** ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੁਣੇ ਗਏ 40 ਮੈਂਬਰ ਸਾਹਿਬਾਨਾਂ ਦੀ ਮੀਟਿੰਗ ਹਰਿਆਣਾ ਸਿੱਖ ਗੁਰਦੁਆਰਾ ਚੋਣ ਕਮਿਸ਼ਨਰ ਐਚ.ਐਸ ਭੱਲਾ ਵੱਲੋਂ ਪੰਚਕੂਲਾ ਪੀ.ਡਬਲਊ.ਡੀ ਰੈਸਟ ਹਾਊਸ ਵਿੱਚ ਕੀਤੀ ਗਈ ਜਿੱਥੇ ਗੁਰਦੁਆਰਾ ਐਕਟ 2014 ਅਨੁਸਾਰ 40 ਮੈਂਬਰ ਸਾਹਿਬਾਨਾਂ ਵੱਲੋਂ 9 ਮੈਂਬਰ ਨਾਮਜਦ ਕੀਤੇ ਗਏ ਜਿਨਾਂ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਹਿ ਚੁੱਕੇ ਮੌਜੂਦਾ ਚੇਅਰਮੈਨ ਧਰਮ ਪ੍ਰਚਾਰ ਦੀਆਂ ਸੇਵਾਵਾਂ ਨਿਭਾ ਰਹੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ 24 ਮੈਂਬਰ ਸਾਹਿਬਾਨਾਂ ਦੇ ਬਹੁਮਤ ਵੱਲੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਨਾਮਜਦ ਕੀਤਾ ਗਿਆ। ਜਥੇਦਾਰ ਦਾਦੂਵਾਲ ਦੇ ਨਾਲ 8 ਮੈਂਬਰ ਹੋਰ ਨਾਮਜਦ ਕੀਤੇ ਗਏ ਹੁਣ ਪੂਰਾ 49 ਮੈਂਬਰ ਸਾਹਿਬਾਨਾਂ ਦਾ ਹਾਊਸ ਬਣ ਚੁੱਕਾ ਹੈ ਜਿਸ ਨੇ ਅੱਗੇ 11 ਮੈਂਬਰੀ ਕਾਰਜਕਰਨੀ ਦੀ ਚੋਣ ਕਰਨੀ ਹੈ। ਜਥੇਦਾਰ ਦਾਦੂਵਾਲ ਦੇ ਮੈਂਬਰ ਨਾਮਜ਼ਦ ਹੋਣ ਨਾਲ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿੱਚ ਖੁਸ਼ੀ ਦੀ ਲਹਿਰ ਹੈ। ਅੱਜ ਜਦੋਂ ਜਥੇਦਾਰ ਦਾਦੂਵਾਲ ਪੰਚਕੂਲਾ ਤੋਂ ਵਾਰਡ ਨੰਬਰ 35 ਹਲਕਾ ਕਾਲਾਂਵਾਲੀ ਵਿਖੇ ਪਹੁੰਚੇ ਤਾਂ ਇਲਾਕੇ ਦੀਆਂ ਸਿੱਖ ਸੰਗਤਾਂ ਪੰਚ, ਸਰਪੰਚਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸੰਤ ਮਹਾਂਪੁਰਸ਼ਾਂ, ਵੱਖ-ਵੱਖ ਭਾਈਚਾਰਿਆਂ ਦੀਆਂ ਸੰਗਤਾਂ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦਾ ਫੁੱਲਾਂ ਦੀ ਵਰਖਾ ਆਤਿਸ਼ਬਾਜ਼ੀ ਕਰਕੇ ਭਰਵਾਂ ਸਵਾਗਤ ਕੀਤਾ ਗਿਆ। ਇਸ ਸਮੇਂ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਉਹ ਗੁਰੂ ਦਾ ਸ਼ੁਕਰਾਨਾ ਕਰਨ ਦੇ ਨਾਲ ਨਾਲ ਆਪਣੇ ਬਹੁਮਤ ਮੈਂਬਰ ਸਾਹਿਬਾਨਾਂ ਦੇ ਵੀ ਧੰਨਵਾਦੀ ਹਨ ਜਿਨਾਂ ਨੇ ਉਨਾਂ 'ਤੇ ਭਰੋਸਾ ਜਤਾਉਂਦਿਆਂ ਉਨਾਂ ਨੂੰ ਮੁੜ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਨਾਮਜਦ ਕੀਤਾ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਗੁਰੂ ਘਰ ਦੀਆਂ ਸੇਵਾਵਾਂ ਸੇਵਾਦਾਰ ਬਣ ਕੇ ਨਿਰੰਤਰ ਚੜਦੀਕਲਾ ਦੇ ਨਾਲ ਨਿਭਾਉਂਦੇ ਰਹਿਣਗੇ। ਇੱਕ ਸਵਾਲ ਦੇ ਜਵਾਬ ਵਿੱਚ ਉਨਾਂ ਕਿਹਾ ਕਿ 49 ਦੇ ਹਾਊਸ ਵਿੱਚ ਉਨਾਂ ਕੋਲ 29 ਮੈਂਬਰ ਸਾਹਿਬਾਨ ਦਾ ਬਹੁਮਤ ਹੈ ਜਲਦੀ ਹੀ ਚੋਣ ਕਮਿਸ਼ਨਰ ਵੱਲੋਂ ਰੱਖੀ ਗਈ ਤਾਰੀਖ ਤੇ ਉਹ ਆਪਣੀ 11 ਮੈਂਬਰੀ ਕਾਰਜ ਕਰਨੀ ਬਣਾਉਣਗੇ।

### ਬੀਜੇਪੀ-ਆਰ.ਐਸ.ਐਸ. ਮੋਦੀ ਹਕੂਮਤ ਵੱਲੋਂ ਬਿਨ੍ਹਾਂ ਕਿਸੇ ਤੱਥਾਂ, ਸਬੂਤਾਂ ਤੋਂ

# ਪਹਿਲਗਾਮ ਦੁਖਾਂਤ ਦਾ ਦੋਸ਼ ਪਾਕਿਸਤਾਨ 'ਤੇ ਲਗਾਉਣਾ ਦੁੱਖਦਾਇਕ : ਮਾਨ



**ਨਵੀਂ ਦਿੱਲੀ, 13 ਮਈ (ਮਨਪ੍ਰੀਤ ਸਿੰਘ ਖਾਲਸਾ):-** "ਜਦੋਂ ਇੰਡੀਅਨ ਖੁਫੀਆ ਏਜੰਸੀਆ ਆਈ.ਬੀ, ਰਾਅ, ਐਨ.ਆਈ.ਏ. ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਮਿਲਟਰੀ ਇੰਨਟੈਲੀਜੈਸ, ਸੰਬੰਧਤ ਸੂਬਿਆਂ ਦੀਆਂ ਸੀ.ਆਈ.ਡੀ ਕੋਲ ਇਸ ਗੱਲ ਦੀ ਸੂਚਨਾਂ ਹੀ ਨਹੀ ਸੀ ਕਿ ਪਹਿਲਗਾਮ ਦੁਖਾਂਤ ਹੋ ਸਕਦਾ ਹੈ, ਫਿਰ ਇਹ ਦੁਖਾਂਤ ਵਾਪਰਨ ਤੋ ਤੁਰੰਤ ਬਾਅਦ ਗੋਦੀ ਮੀਡੀਆ, ਬੀਜੇਪੀ-ਆਰ.ਐਸ.ਐਸ ਹਕੂਮਤ ਦੀ ਮੋਦੀ ਸਰਕਾਰ ਵੱਲੋ ਇਕਦਮ ਬਿਨ੍ਹਾਂ ਕਿਸੇ ਤੱਥਾਂ, ਸਬੂਤਾਂ ਦੇ ਪਾਕਿਸਤਾਨ ਦਾ ਨਾਮ ਲਗਾਕੇ ਜੰਗ ਦਾ ਬਿਗੁਲ ਵਜਾ ਦੇਣ ਦੇ ਅਮਲ ਤਾਂ ਮਨੁੱਖਤਾ ਤੇ ਇਨਸਾਨੀਅਤ ਕਦਰਾਂ ਕੀਮਤਾਂ ਦਾ ਘਾਣ ਕਰਨ ਵਾਲੇ ਹਨ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 22 ਅਪ੍ਰੈਲ ਨੂੰ ਪਹਿਲਗਾਮ ਜੰਮੂ ਕਸਮੀਰ ਵਿਖੇ ਵਾਪਰੇ ਦੁਖਾਂਤ ਤੇ ਹੁਕਮਰਾਨਾਂ ਦੀ ਪਾਕਿਸਤਾਨ ਨਾਲ ਜੰਗ ਲਗਾਉਣ ਦੀ ਸਾਜਿਸ ਅਤੇ ਮਨੁੱਖਤਾ ਨੂੰ ਮੌਤ ਦੇ ਮੂੰਹ ਵਿਚ ਧਕੇਲਨ ਦੀਆਂ ਕਾਰਵਾਈਆ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਬਿਨ੍ਹਾਂ ਕਿਸੇ ਸਬੂਤ ਤੇ ਪਾਕਿਸਤਾਨ ਨੂੰ ਇਸ ਦੁਖਾਂਤ ਵਿਚ ਘੜੀਸਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਦੋ ਦੂਸਰੇ ਪਾਸੇ ਇਸੇ ਹਿੰਦੂਤਵ ਸਟੇਟ ਦੀਆਂ ਏਜੰਸੀਆ ਵੱਲੋ ਕੈਨੇਡਾ ਵਿਚ ਸ. ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ, ਸੁਖਦੂਲ ਸਿੰਘ ਨੂੰ ਕਤਲ ਕੀਤਾ ਗਿਆ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ ਨੂੰ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਨੂੰ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌ ਕਤਲ ਕਰ ਦਿੱਤੇ ਗਏ। ਅਮਰੀਕਾ ਵਿਚ ਸ. ਗੁਰਪਤਵੰਤ ਸਿੰਘ ਪੰਨੂ ਨੂੰ ਇਨ੍ਹਾਂ ਏਜੰਸੀਆ ਨੇ ਮਾਰਨ ਦੀ ਸਾਜਿਸ ਰਚੀ ਸੀ ਲੇਕਿਨ ਅਮਰੀਕਨ ਖੁਫੀਆ ਵਿਭਾਗ ਤੇ ਸੁਰੱਖਿਆ ਵਿਭਾਗ ਨੇ ਇੰਡੀਅਨ ਏਜੰਸੀਆ ਦੀ ਇਹ ਸਾਜਿਸ ਸਫਲ ਨਾ ਹੋਣ ਦਿੱਤੀ। ਇਸ ਵਿਚ ਅਮਰੀਕਾ ਨੇ ਹਿੰਦੂ ਇੰਡੀਆ ਦੇ ਏਜੰਟਾਂ ਮਿਸਟਰ ਯਾਦਵ ਤੇ ਗੁਪਤਾ ਨੂੰ ਆਪਣੀਆ ਜੇਲ੍ਹਾਂ ਵਿਚ ਬੰਦੀ ਬਣਾਇਆ ਹੋਇਆ ਹੈ। ਜਿਨ੍ਹਾਂ ਨੇ ਇੰਡੀਅਨ ਹੁਕਮਰਾਨਾਂ ਦੀ ਸਾਜਿਸ ਨੂੰ ਪੂਰਨ ਕਰਨਾ ਸੀ। ਇਕ ਪਾਸੇ ਜਦੋ ਵਜੀਰ ਏ ਆਜਮ ਮੋਦੀ ਪਾਕਿਸਤਾਨ ਨੂੰ ਅੱਤਵਾਦੀ ਕਹਿ ਰਹੇ ਹਨ ਲੇਕਿਨ ਦੂਜੇ ਪਾਸੇ ਅਸਲੀਅਤ ਇਹ ਹੈ ਕਿ ਇਹ ਹਿੰਦੂਤਵ ਮੁਲਕ ਦੇ ਹੁਕਮਰਾਨ ਨਿਰਦੋਸ ਤੇ ਨਿਹੱਥੇ ਬਾਹਰਲੇ ਮੁਲਕਾਂ ਵਿਚ ਰਹਿਣ ਵਾਲੇ ਸਿੱਖਾਂ ਨੂੰ ਕਤਲ ਕਰਕੇ ਕੀ ਅੱਤਵਾਦੀ ਹੋਣ ਦਾ ਖੁਦ ਹੀ ਸਬੂਤ ਨਹੀ ਦੇ ਰਹੇ? ਇਥੋ ਤੱਕ ਇਸ ਹੁਕਮਰਾਨਾਂ ਨੇ ਅਮਰੀਕਾ, ਬਰਤਾਨੀਆ, ਕੈਨੇਡਾ ਤੇ ਪਾਕਿਸਤਾਨ ਦੀ ਪ੍ਰਭੂਸਤਾ ਨੂੰ ਹੀ ਨਹੀ ਕੁਚਲਿਆ ਬਲਕਿ ਅਮਰੀਕਾ ਦੀ ਮਨਰੋ ਡਾਕਟਰੀਨ ਦਾ ਉਲੰਘਣ ਕਰਕੇ ਖੁਦ ਹੀ ਕੌਮਾਂਤਰੀ ਕਾਨੂੰਨਾਂ, ਨਿਯਮਾਂ ਦਾ ਘਾਣ ਕਰਦੇ ਹੋਏ ਅੱਤਵਾਦੀ ਕਾਰਵਾਈਆ ਕਰਨ ਦਾ ਪ੍ਰਤੱਖ ਸਬੂਤ ਦਿੱਤਾ ਹੈ। ਸਾਡੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਕੌਮਾਂਤਰੀ ਪੱਧਰ ਤੇ ਇਹ ਜੋਰਦਾਰ ਅਪੀਲ ਕਰਨੀ ਚਾਹੇਗੀ ਕਿ ਜਿਨ੍ਹਾਂ ਵੀ ਹਿੰਦੂਤਵ ਹੁਕਮਰਾਨਾਂ ਨੇ ਉਪਰੋਕਤ ਵੱਡੇ ਮੁਲਕਾਂ ਦੀ ਪ੍ਰਭੂਸਤਾ ਦਾ ਘਾਣ ਕੀਤਾ ਹੈ ਅਤੇ ਉਨ੍ਹਾਂ ਮੁਲਕਾਂ ਵਿਚ ਜਾ ਕੇ ਗੁਪਤ ਰੂਪ ਵਿਚ ਸਿੱਖਾਂ ਨੂੰ ਕਤਲ ਕੀਤਾ ਹੈ ਜਾਂ ਸਿੱਖਾਂ ਨੂੰ ਕਤਲ ਕਰਨ ਦੀ ਸਾਜਿਸ ਰਚੀ ਹੈ ਉਨ੍ਹਾਂ ਉਤੇ ਕੌਮਾਂਤਰੀ ਕਾਨੂੰਨਾਂ, ਨਿਯਮਾਂ ਅਨੁਸਾਰ ਕੌਮਾਂਤਰੀ ਅਦਾਲਤਾਂ ਵਿਚ ਅਵੱਸ ਕਾਰਵਾਈ ਹੋਣੀ ਚਾਹੀਦੀ ਹੈ। ਅਸੀ ਆਮ ਲੋਕਾਂ ਨੂੰ ਮੌਤ ਦੇ ਮੂੰਹ ਵਿਚ ਧਕੇਲਣ ਦੀ ਨੀਤੀ ਨਾਲ ਪਾਕਿਸਤਾਨ ਤੇ ਇੰਡੀਆ ਵਿਚ ਬਣਾਉਟੀ ਢੰਗ ਨਾਲ ਜੰਗ ਦੇ ਮਾਹੌਲ ਬਣਾਉਣ ਦੀਆਂ ਕਾਰਵਾਈਆ ਦੀ ਨਿਖੇਧੀ ਕਰਦੇ ਹਾਂ ਕਿ ਇਹ ਫੌਰੀ ਬੰਦ ਕਰਨ ਲਈ ਮਿਸਟਰ ਟਰੰਪ ਦਾ ਸੁਕਰਾਨਾ ਕਰਦੇ ਹਾਂ।

# ਡਰੋਨ ਦੇ ਮਲਬੇ ਨਾਲ ਹੋਏ ਹਾਦਸੇ 'ਚ ਮਾਰੀ ਗਈ ਮਹਿਲਾ ਦੇ ਪਰਿਵਾਰ ਨੂੰ ਮੁੱਖ ਮੰਤਰੀ ਵੱਲੋਂ 5 ਲੱਖ ਰੁਪਏ ਐਕਸ ਗ੍ਰੇਸ਼ੀਆ ਦੀ ਘੋਸ਼ਣਾ

ਫਿਰੋਜ਼ਪੁਰ, 13 ਮਈ (ਮਨੋਹਰ ਲਾਲ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਖਾਈ ਫ਼ੇਮੇ ਕੀ ਦੀ ਰਹਿਣ ਵਾਲੀ ਸੁਖਵਿੰਦਰ ਕੌਰ ਦੀ ਡਰੋਨ ਹਾਦਸੇ ਵਿੱਚ ਹੋਈ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮੁੱਖ ਮੰਤਰੀ ਨੇ ਦੁਖੀ ਪਰਿਵਾਰ ਲਈ 5 ਲੱਖ ਰੁਪਏ ਦੀ ਐਕਸ ਗ੍ਰੇਸ਼ੀਆ ਗ੍ਰਾਂਟ ਦੇਣ ਦਾ ਐਲਾਨ ਕੀਤਾ ਹੈ। ਹਾਦਸੇ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ 9 ਮਈ ਦੀ ਰਾਤ ਨੂੰ ਇੱਕ ਡਰੋਨ ਟਕਰਾਉਣ ਤੋਂ ਬਾਅਦ ਉਸਦਾ ਮਲਬਾ ਇੱਕ ਖੜੀ ਕਾਰ 'ਤੇ ਆ ਡਿੱਗਾ, ਜਿਸ ਕਾਰਨ ਅੱਗ ਲੱਗ ਗਈ। ਇਸ ਹਾਦਸੇ ਵਿੱਚ ਇੱਕ ਹੀ ਪਰਿਵਾਰ ਦੇ ਤਿੰਨ ਮੈਂਬਰ — ਲਖਵਿੰਦਰ ਸਿੰਘ (ਪੁੱਤਰ ਬਗੀਚਾ ਸਿੰਘ), ਉਸ ਦੀ ਪਤਨੀ ਸੁਖਵਿੰਦਰ ਕੌਰ ਅਤੇ ਉਨ੍ਹਾਂ ਦਾ ਪੁੱਤਰ ਮੋਨੂ — ਜ਼ਖ਼ਮੀ ਹੋ ਗਏ। ਤਿੰਨਾਂ ਨੂੰ ਤੁਰੰਤ ਬਾਘੀ ਹਸਪਤਾਲ ਵਿੱਚ ਫਰਸਟ ਏਡ ਲਈ ਲਿਜਾਇਆ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੁਖਵਿੰਦਰ ਕੌਰ ਦੇ ਗੰਭੀਰ ਤਰੀਕੇ ਨਾਲ ਅੱਗ ਵਿੱਚ ਝੁਲਸ ਜਾਣ ਕਾਰਨ ਉਸ ਨੂੰ ਉੱਚ ਇਲਾਜ ਲਈ ਲੁਧਿਆਣਾ ਦੇ ਡੀ.ਐਮ.ਸੀ. ਹਸਪਤਾਲ ਰੈਫਰ ਕੀਤਾ ਗਿਆ ਸੀ। ਡਾਕਟਰਾਂ ਦੀਆਂ ਸਾਰੀ ਕੋਸ਼ਿਸ਼ਾਂ ਦੇ ਬਾਵਜੂਦ ਵੀ ਉਹ ਪਿਛਲੀ ਰਾਤ ਨੂੰ ਜ਼ਿੰਦਗੀ ਦੀ ਜੰਗ ਹਾਰ ਗਈ। ਪੰਜਾਬ ਸਰਕਾਰ ਨੇ ਦੁਖੀ ਪਰਿਵਾਰ ਪ੍ਰਤੀ ਆਪਣੀ ਸੰਵੇਦਨਾ ਪ੍ਰਗਟਾਈ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦੁਖੀ ਪਰਿਵਾਰ ਨੂੰ 5 ਲੱਖ ਰੁਪਏ ਦੀ ਐਕਸ ਗ੍ਰੇਸ਼ੀਆ ਗ੍ਰਾਂਟ ਦੇਣ ਦਾ ਐਲਾਨ ਕੀਤਾ ਗਿਆ ਹੈ।

# ਮੁੱਖ ਮੰਤਰੀ ਮਾਨ ਸੂਬੇ ਦੇ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਹਨ : ਚੇਅਰਮੈਨ ਢਿੱਲੋਂ



ਸੇਰਪੁਰ ( ਰਣਜੀਤ ਸਿੰਘ ਪੇਧਨੀ )- ਜਦੋਂ ਵੀ ਰਾਸ਼ਟਰ ਤੇ ਕੋਈ ਭੀੜ ਬਣਦੀ ਹੈ ਤਾਂ ਪੰਜਾਬ ਦੇ ਲੋਕ ਦੇਸ਼ ਸੇਵਾ 'ਚ ਸਦਾ ਮੋਹਰੀ ਹੋ ਕੇ ਆਪਣਾ ਯੋਗਦਾਨ ਪਾਉਂਦ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ, ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਭਗਤੀ ਅਤੇ ਦੇਸ਼ ਸੇਵਾ ਦਾ ਜਜ਼ਬਾ ਪੰਜਾਬੀਆਂ ਦੇ ਖੂਨ ਵਿੱਚ ਰਚਿਆ ਹੋਇਆ ਹੈ। ਵਰਤਮਾਨ ਕਠਿਨ ਪ੍ਰਸਥਿਤੀਆਂ ਵਿੱਚ ਵੀ ਪੰਜਾਬੀ ਮੁਲਕ ਦੀ ਸੈਨਾ ਨਾਲ ਡਟ ਕੇ ਖੜੀ ਹੈ। ਉਨ੍ਹਾਂ ਦੋਵਾਂ ਦੇਸ਼ਾਂ ਦਰਮਿਆਨ ਹੋਈ ਜੰਗਬੰਦੀ ਦਾ ਭਰਵਾਂ ਸਵਾਗਤ ਕਰਦਿਆਂ ਕਿਹਾ ਕਿ ਜੰਗ ਵਿੱਚ ਨਿਰਦੋਸ਼ਾਂ ਦਾ ਘਾਣ ਹੁੰਦਾ ਹੈ ਅਤੇ ਆਰਥਿਕ ਤਬਾਹੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵਿਕਾਸ ਲਈ ਅਮਨ ਸ਼ਾਂਤੀ ਦਾ ਮਾਹੌਲ ਬੇਹੱਦ ਜ਼ਰੂਰੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੂਬੇ ਦੇ ਬਹੁਪੱਖੀ ਵਿਕਾਸ ਲਈ ਹਰ ਵਕਤ ਯਤਨਸ਼ੀਲ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੱਤ ਪੂਰੀ ਤਰ੍ਹਾਂ ਸੁਰੱਖਿਅਤ ਹਨ ਜਿਸ ਦਾ ਪ੍ਰਮਾਣ ਅਸੀਂ ਪਿਛਲੇ ਦਿਨੀਂ ਦ੍ਰਿੜਤਾ ਅਤੇ ਇਮਾਨਦਾਰੀ ਨਾਲ ਪੰਜਾਬ ਦੇ ਪਾਣੀਆਂ ਦੀ ਰਾਖੀ ਕਰਨ ਦੇ ਰੂਪ ਵਿੱਚ ਦੇਖ ਸਕਦੇ ਹਾਂ। ਉਨ੍ਹਾਂ ਦਾਅਵਾ ਕੀਤਾ ਕਿ ਸੂਬਾ ਸਰਕਾਰ ਦੁਆਰਾ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਬਹੁਤ ਹੀ ਸਾਰਥਿਕ ਸਿੱਟੇ ਨਿਕਲ ਰਹੇ ਹਨ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਪਾਣੀਆਂ ਦਾ ਰਾਖਾ ਹੋਣ ਦਾ ਸਬੂਤ ਦਿੱਤਾ : ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ )-ਭਾਖੜਾ ਬਿਆਸ ਮੈਨੇਜਮੈਂਟ ਬੋਰਡ' ਭਾਜਪਾ ਦੀ ਕੇਂਦਰ ਸਰਕਾਰ ਦੇ ਇਸਾਰੇ ਤੇ ਪੰਜਾਬ ਦੇ ਪਾਣੀ ਨੂੰ ਗੈਰ ਕਾਨੂੰਨੀ ਤਰੀਕੇ ਨਾਲ ਖੋਹਣ ਦੀ ਕੋਸਿਸ ਕਰ ਰਿਹਾ ਹੈ। ਪਰ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਦੀ ਭਾਜਪਾ ਸਰਕਾਰ ਦੇ ਸਾਰੇ ਇਰਾਦਿਆ ਨੂੰ ਨਾ ਕਾਮਯਾਬ ਕਰ ਦਿੱਤਾ ਹੈ,ਜਿਸ ਦੇ ਵਜੋਂ ਮਾਨ ਸਰਕਾਰ ਅੱਜ ਹਾਈ ਕੋਰਟ ਵੀ ਪੁੱਜੀ ਹੈ। ਜਿਸ ਕਰਕੇ ਮੁੱਖ ਮੰਤਰੀ ਮਾਨ ਦੀ ਹਰ ਪਾਸੇ ਸਲਾਂਘਾ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ, ਇੰਚਾਰਜ ਮੁੱਖ ਮੰਤਰੀ ਕੈਂਪਸ ਧੂਰੀ, ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਪਾਣੀਆ ਦੇ ਮੁੱਦੇ ਤੇ ਸਖਤ ਸਟੈਂਡ ਲੈ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਣੀਆਂ ਦੇ ਰਾਖੇ ਵਜੋ ਹੋਣ ਦਾ ਸਬੂਤ ਦਿੱਤਾ ਹੈ। ਉਨਾ ਕਿਹਾ ਕਿ ਪੰਜਾਬ ਸੂਬਾ ਖੁਦ ਖੇਤੀਬਾੜੀ ਤੇ ਦਰਿਆਈ ਪਾਣੀਆਂ ਤੇ ਨਿਰਭਰ ਹੈ ਜੋ ਖੁਦ ਹੁਣ ਸੰਕਟ ਸਮੇਂ ਹੋਰਨਾਂ ਸੂਬਿਆ ਨੂੰ ਵਾਧੂ ਪਾਣੀ ਦੇਣ ਤੋਂ ਅਸਮਰਥ ਹੈ। ਉਨਾ ਕਿਹਾ ਕਿ ਇਸ ਤੋਂ ਪਹਿਲਾ ਵੀ ਹਰਿਆਣਾ, ਹਿਮਾਚਲ ਤੇ ਰਾਜਸਥਾਨ ਕੇਂਦਰ ਸਰਕਾਰ ਦੀ ਸਹਿ ਤੇ ਬੀ.ਬੀ.ਐਮ.ਬੀ. ਦੇ ਮਾਧਿਅਮ ਰਾਂਹੀ ਵਾਧੂ ਪਾਣੀ ਲੈ ਰਹੇ ਹਨ ਤੇ ਅੱਜ ਜਦੋ ਪੰਜਾਬ ਸੂਬੇ ਨੂੰ ਖੁਦ ਪਾਣੀ ਦੀ ਵੱਡੀ ਲੋੜ ਹੈ ਤੇ ਹਰਿਆਣਾ ਵੱਲੋ ਕੇਂਦਰ ਸਰਕਾਰ ਦੇ ਇਸਾਰੇ ਤੇ ਮੁੜ 8500 ਕਿਊਸਿਕ ਪਾਣੀ ਦੀ ਮੰਗ ਕੀਤੀ ਜਾ ਰਹੀ ਹੈ। ਇਸ ਮੌਕੇ ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਸਰਪੰਚ ਰਾਜ ਸਿੰਘ ਮਾਨਵਾਲਾ, ਮਾਣਾ ਗਰੇਵਾਲ ਹਾਜ਼ਰ ਸਨ।

## ਮਾਡਰਨ ਸੈਕੂਲਰ ਪਬਲਿਕ ਸਕੂਲ ਧੂਰੀ ਦਾ ਬਾਰਵੀਂ ਕਲਾਸ ਦਾ ਨਤੀਜਾ 100 ਪ੍ਰਤੀਸ਼ਤ ਰਿਹਾ

ਧੂਰੀ ( ਰਣਜੀਤ ਸਿੰਘ ਪੇਧਨੀ )-ਮਾਡਰਨ ਸੈਕੂਲਰ ਪਬਲਿਕ ਸਕੂਲ ਧੂਰੀ ਦਾ ਸੀ.ਬੀ.ਐਸ.ਈ. ਵੱਲੋਂ ਐਲਾਨਿਆ ਗਿਆ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ ਅਤੇ ਸਾਰੇ ਵਿਦਿਆਰਥੀ ਵਧੀਆ ਅੰਕ ਲੈ ਕੇ ਪਾਸ ਹੋਏ। ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸੁਨੀਲ ਕਦਮ ਨੇ ਦੱਸਿਆ ਕਿ ਸਾਇੰਸ ਗਰੁੱਪ ਵਿਚੋਂ ਸਕੂਲ ਦੇ ਵਿਦਿਆਰਥੀ ਨੇ ਏਂਜਲਪ੍ਰੀਤ ਕੌਰ ਨੇ 94# ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਜਸਮੀਨ ਕੌਰ ਨੇ 90.6# ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਈਸ਼ੀਤਾ ਗੁਪਤਾ ਅਤੇ ਫਲਕ ਮਿੱਤਲ ਨੇ 90.2# ਤੀਸਰਾ ਸਥਾਨ ਹਾਸਲ ਕੀਤਾ। ਕਾਮਰਸ ਗਰੁੱਪ ਵਿਚੋਂ ਅਯੂਸ਼ੀ ਨੇ 96# ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਅਨੁਪ੍ਰੀਤ ਕੌਰ ਨੇ 94# ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਨਮਨੀਤ ਕੌਰ ਨੇ 91# ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਆਰਟਸ ਗਰੁੱਪ ਵਿਚੋਂ ਮਹਿਕਵੀਰ ਕੌਰ ਨੇ 91.8# ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਸਤਵੀਰ ਕੌਰ ਨੇ 88# ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਅਪਰੇਸ਼ਿੰਦਰਦੀਪ ਸਿੰਘ ਨੇ 81# ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਹਨਾਂ ਤੋਂ ਇਲਾਵਾ ਬਾਕੀ ਦੇ ਵਿਦਿਆਰਥੀਆਂ ਨੇ ਵੀ ਵਧੀਆ ਅੰਕ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਉਹਨਾਂ ਦੀਆਂ ਇਹਨਾਂ ਪ੍ਰਾਪਤੀਆਂ ਤੇ ਸਕੂਲ ਦੇ ਡਾਇਰੈਕਟਰ ਡਾ. ਜਗਜੀਤ ਸਿੰਘ ਅਤੇ ਡਿਪਟੀ ਡਾਇਰੈਕਟਰ ਗੁਰਵਿੰਦਰ ਕੌਰ ਨੇ ਇਹਨਾਂ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਦੇ ਸ਼ਾਨਦਾਰ ਰਿਜ਼ਲਟ ਨੂੰ ਲੈ ਕੇ ਵਿਦਿਆਰਥੀਆਂ, ਉਹਨਾਂ ਦੇ ਮਾਤਾ ਪਿਤਾ ਅਤੇ ਅਧਿਆਪਕਾਂ ਵਿਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ।



Angelpreet Kaur | Jasmeen Kaur | Ishita Gupta | Falak Mittal

Ayushi | Anupreet Kaur | Namneet Kaur

Mehakveer Kaur | Satveer Kaur | Apreshinderdeep Singh


ਪੰਜਆਬ ਮੈਗਜੀਨ ਦੇ ਮੁੱਖ ਸੰਪਾਦਕ

# ਮਨਜੀਤ ਸਿੰਘ ਭੋਗਲ ਜਰਮਨੀ ਨਾਲ ਮੁਲਾਕਾਤ-ਰਸ਼ਿਪੰਦਰ ਕੌਰ ਗਿੱਲ







**ਅੰਮ੍ਰਿਤਸਰ, 13 ਮਈ (ਰਸ਼ਿਪੰਦਰ ਕੌਰ ਗਿੱਲ)**-ਮਨਜੀਤ ਸਿੰਘ ਭੋਗਲ ਜਰਮਨੀ ਜੀ ਨਾਲ ਸ਼੍ਰੀ ਅੰਮ੍ਰਿਤਸਰ ਵਿਖੇ ਮੁਲਾਕਾਤ ਹੋਈ। ਮਨਜੀਤ ਸਿੰਘ ਭੋਗਲ ਜਰਮਨੀ ਜੀ ਪੰਜਆਬ ਮੈਗਜ਼ੀਨ ਦੇ ਮੁੱਖ ਸੰਪਾਦਕ ਹਨ। ਪੰਜਆਬ ਮੈਗਜ਼ੀਨ ਪੂਰੀ ਤਰਾਂ ਨਾਲ ਪੰਥ ਅਤੇ ਪੰਜਾਬ ਨੂੰ ਸਮਰਪਿਤ ਹੈ। ਮਨਜੀਤ ਸਿੰਘ ਭੋਗਲ ਜਰਮਨੀ ਜੀ ਨੇ ਅੱਜ ਪ੍ਰੈੱਸ ਕਾਨਫਰੰਸ ਨੂੰ ਸੰਬੋਧਿਤ ਹੋ ਕੇ ਦੱਸਿਆ ਕਿ ਉਹ ਕਿਸ ਤਰਾਂ ਨਾਲ ਜਰਮਨੀ ਵਿੱਚ ਰਹਿੰਦੇ ਹੋਏ ਵੀ ਆਪਣੇ ਦੇਸ਼ ਪੰਜਾਬ ਲਈ ਸੰਜੀਦਾ ਹਨ। ਇਸ ਕਰਕੇ ਹੀ ਉਹ ਪੰਥ ਅਤੇ ਪੰਜਾਬ ਦੀ ਨਿਸ਼ਕਾਮ ਸੇਵਾ ਵਿੱਚ ਸਿੱਖ ਕੌਮ ਦੇ ਇਤਿਹਾਸ ਨਾਲ ਆਪਣੀ ਅਗਲੇਰੀ ਪੀੜੀ ਨੂੰ ਜੋੜਣ ਲਈ ਪੰਜਆਬ ਮੈਗਜ਼ੀਨ, ਪੰਜਆਬ ਵੈੱਬਸਾਇਟ, ਪੰਜਆਬ ਈ ਪੇਪਰ ਸਮੁੱਚੇ ਪੰਜਾਬੀਆਂ ਨੂੰ ਸਮਰਪਿਤ ਕਰ ਰਹੇ ਹਨ। ਉੱਨਾਂ ਦੱਸਿਆ ਕਿ ਇਸ ਨਿਸ਼ਕਾਮ ਸੇਵਾ ਵਿੱਚ ਉੱਨਾਂ ਦਾ ਸਾਥ ਡਾ. ਸੁਰਜੀਤ ਸਿੰਘ ਜਰਮਨੀ ਬਤੌਰ ਸਹਿ ਸੰਪਾਦਕ ਨਿਭਾ ਰਹੇ ਹਨ। ਪੰਜਆਬ ਦੀ ਹੋਈ ਪ੍ਰੈਸ ਕਾਨਫਰੰਸ ਵਿੱਚ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ, ਭੁਪਿੰਦਰ ਸਿੰਘ 6 ਜੂਨ, ਰਣਜੀਤ ਸਿੰਘ ਫਤਿਹਨਾਮਾ, ਗਗਨਦੀਪ ਸਿੰਘ ਵੀ ਉਚੇਚੇ ਤੌਰ ਤੇ ਸ਼ਾਮਿਲ ਹੋਏ। ਪੀਘਾਂ ਸੋਚ ਦੀਆਂ ਸਾਹਿਤ ਮੰਚ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਵੱਲੋਂ ਸਾਂਝਾ ਇੱਕ ਯਾਦਗਿਰੀ ਚਿੰਨ੍ਹ ਰਸ਼ਿਪੰਦਰ ਕੌਰ ਗਿੱਲ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਦੀ ਸਮੁੱਚੀ ਟੀਮ ਵੱਲੋਂ ਭੇਂਟ ਕੀਤਾ ਗਿਆ। ਮਨਜੀਤ ਸਿੰਘ ਭੋਗਲ ਜਰਮਨੀ ਜੀ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਜੀ ਨਾਲ ਵੀ ਮੁਲਾਕਾਤ ਕੀਤੀ ਅਤੇ ਕਾਫੀ ਸਮਾਂ ਉਨਾਂ ਨਾਲ ਪੰਜਾਬ ਦੀ ਸਿਆਸਤ ਅਤੇ ਮਜੂਦਾ ਹਾਲਾਤਾਂ ਉੱਪਰ ਬਹੁਤ ਸੰਜੀਦਗੀ ਨਾਲ ਚਰਚਾ ਕੀਤੀ। ਸ. ਇਮਾਨ ਸਿੰਘ ਮਾਨ ਜੀ ਨੇ ਮਨਜੀਤ ਸਿੰਘ ਭੋਗਲ ਜਰਮਨੀ ਜੀ ਵੱਲੋਂ ਕੀਤੀ ਜਾ ਰਹੀ ਪੰਜਆਬ ਮੈਗਜ਼ੀਨ ਦੀ ਨਿਸ਼ਕਾਮ ਸੇਵਾ ਦੀ ਬਹੁਤ ਸਰਾਹਣਾ ਕੀਤੀ। ਇਸ ਸਮੇਂ ਰਵੀ ਸ਼ੇਰ ਸਿੰਘ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਵੀ ਮੌਜੂਦ ਸਨ। ਮਨਜੀਤ ਸਿੰਘ ਭੋਗਲ ਜਰਮਨੀ ਜੀ ਨੂੰ ਅਤੇ ਉਨਾਂ ਦੇ ਪਰਿਵਾਰ ਨੂੰ ਮਿਲ ਕੇ ਬਹੁਤ ਖੁਸ਼ੀ ਹੋਈ। ਪੰਜਾਬ ਲਈ ਅਤੇ ਪੰਥ ਲਈ ਦਰਦ ਰੱਖਣ ਵਾਲੇ ਅਨੇਕਾਂ ਸਿੰਘ ਹਨ ਜੋ ਵਿਦੇਸ਼ਾਂ ਵਿੱਚ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਪੰਜਾਬ ਅਤੇ ਪੰਥ ਦੀ ਸੇਵਾ ਕਰ ਰਹੇ ਹਨ। ਮਨਜੀਤ ਸਿੰਘ ਭੋਗਲ ਜਰਮਨੀ ਜੀ ਉੱਨਾਂ ਮਹਾਨ ਸ਼ਖ਼ਸੀਅਤਾਂ ਵਿੱਚੋਂ ਇੱਕ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਕਮੇਟੀ ਧਰਮ ਪ੍ਰਚਾਰ ਵਿੰਗ ਵੱਲੋਂ 20 ਮਈ ਤੋਂ 15 ਜੂਨ ਤੱਕ ਗਰਮੀ ਦੀਆਂ ਛੁੱਟੀਆਂ ਦੌਰਾਨ ਦੇਸ਼ ਭਰ ਵਿਚ ਲਗਾਏ ਜਾਣਗੇ ਗੁਰਮਤਿ ਕੈਂਪ

## ਵਿਦਿਆਰਥੀਆਂ ਨੂੰ ਗੁਰਸਿੱਖੀ ਜੀਵਨ ਦੇ ਹਰੇਕ ਪਹਿਲੂ ਨਾਲ ਜਾਣੂ ਕਰਵਾਉਣ ਦੀ ਕੀਤੀ ਗਈ ਹੈ ਵਿਵਸਥਾ: ਕਰਮਸਰ

**ਨਵੀਂ ਦਿੱਲੀ, 13 ਮਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਵੱਲੋਂ ਸਕੂਲਾਂ ਵਿੱਚ ਚੱਲ ਰਹੀਆਂ ਗਰਮੀ ਦੀਆਂ ਛੁੱਟੀਆਂ ਨੂੰ ਧਿਆਨ ਵਿੱਚ ਰੱਖਦਿਆਂ ਦੇਸ਼ ਭਰ ਦੇ ਵਿਦਿਆਰਥੀਆਂ ਲਈ ਵਿਆਪਕ ਪੱਧਰ 'ਤੇ ਗੁਰਮਤਿ ਕੈਂਪ ਲਗਾਉਣ ਦੀ ਤਿਆਰੀ ਕੀਤੀ ਗਈ ਹੈ। ਇਸ ਸਬੰਧ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਵੱਲੋਂ ਦਿੱਲੀ ਕਮੇਟੀ ਦੇ ਮੈਂਬਰਾਂ ਅਤੇ ਉਹਨਾਂ ਸਾਰੇ ਸੇਵਾਦਾਰਾਂ ਨਾਲ ਮੀਟਿੰਗ ਕੀਤੀ ਗਈ ਹੈ ਜੋ ਹਰ ਵਾਰੀ ਇਨ੍ਹਾਂ ਕੈਂਪਾਂ ਵਿੱਚ ਸੇਵਾ ਨਿਭਾਉਂਦੇ ਆ ਰਹੇ ਹਨ। ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕੈਂਪ ਕੇਵਲ ਦਿੱਲੀ ਵਿੱਚ ਹੀ ਨਹੀਂ, ਸਗੋਂ ਦੇਸ਼ ਦੇ ਵੱਖ-ਵੱਖ ਭਾਗਾਂ ਵਿੱਚ ਲਗਾਏ ਜਾਣਗੇ। ਮੀਡੀਆ ਨੂੰ ਜਾਰੀ ਕੀਤੇ ਗਏ ਬਿਆਨ ਵਿੱਚ ਕਾਲਕਾ, ਕਾਹਲੋਂ ਤੇ ਕਰਮਸਰ ਨੇ ਦੱਸਿਆ ਕਿ ਕਮੇਟੀ ਨੇ ਦਿੱਲੀ ਸਮੇਤ ਉੱਤਰ ਪ੍ਰਦੇਸ਼, ਬਿਹਾਰ, ਹਰਿਆਣਾ, ਉੱਤਰਾਖੰਡ ਅਤੇ ਦੇਸ਼ ਦੇ ਹੋਰ ਭਾਗਾਂ ਵਿੱਚ ਇਹ ਕੈਂਪ ਲਗਾਉਣ ਦੀ ਤਿਆਰੀ ਮੁਕੰਮਲ ਕਰ ਲਈ ਹੈ। ਉਨ੍ਹਾਂ ਕਿਹਾ ਕਿ ਅਸੀਂ ਸਿੰਘ ਸਭਾਵਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਆਪਣੇ-ਆਪਣੇ ਖੇਤਰ ਵਿੱਚ ਇਨ੍ਹਾਂ ਕੈਂਪਾਂ ਦੀ ਤਿਆਰੀ ਪੂਰੀ ਕਰਣ। ਉਹਨਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਰਾਹੀਂ ਵਿਦਿਆਰਥੀਆਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਅਤੇ ਉਨ੍ਹਾਂ ਨੂੰ ਗੁਰਬਾਣੀ ਤੇ ਸਿੱਖ ਜੀਵਨ ਮੁੱਲਾਂ ਨਾਲ ਪ੍ਰੇਰਿਤ ਕਰਨ ਦੇ ਯਤਨ ਕੀਤੇ ਜਾਣਗੇ। ਹਰ ਸਾਲ ਵਾਂਗ ਹੀ ਇਸ ਵਾਰ ਵੀ ਕਮੇਟੀ ਵੱਲੋਂ ਵਿਸ਼ੇਸ਼ ਗੁਰਮਤਿ ਸਾਹਿਤ ਤਿਆਰ ਕਰਵਾਇਆ ਗਿਆ ਹੈ, ਗੁਰਮਤਿ ਅਧਿਆਪਕ ਤਿਆਰ ਹਨ, ਅਤੇ ਵਿਦਿਆਰਥੀਆਂ ਨੂੰ ਗੁਰਸਿੱਖੀ ਜੀਵਨ ਦੇ ਹਰੇਕ ਪਹਿਲੂ ਨਾਲ ਜਾਣੂ ਕਰਵਾਉਣ ਦੀ ਵਿਵਸਥਾ ਕੀਤੀ ਗਈ ਹੈ। ਉਹਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ 20 ਮਈ ਤੋਂ 15 ਜੂਨ ਤੱਕ ਚੱਲਣ ਵਾਲੇ ਇਨ੍ਹਾਂ ਕੈਂਪਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਆਪਣੇ ਬੱਚਿਆਂ ਨੂੰ ਭੇਜਣ ਤਾਂ ਜੋ ਉਹ ਗੁਰਸਿੱਖੀ ਜੀਵਨ ਨਾਲ ਜੁੜ ਸਕਣ ਅਤੇ ਆਪਣਾ ਜੀਵਨ ਸਫਲ ਬਣਾ ਸਕਣ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਸ ਵਾਰ ਪਿਛਲੇ ਸਾਲ ਨਾਲੋਂ ਵੀ ਵੱਧ ਗਿਣਤੀ ਵਿੱਚ ਵਿਦਿਆਰਥੀ ਇਨ੍ਹਾਂ ਕੈਂਪਾਂ ਵਿੱਚ ਭਾਗ ਲੈਣਗੇ। ਇਸ ਮੌਕੇ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਵੀਂ ਇਸ ਵਿਸ਼ੇਸ ਮੀਟਿੰਗ ਵਿਚ ਹਾਜ਼ਿਰੀ ਭਰੀ ਸੀ ।




ਆਵਾਜ਼ਿ ਕੌਮ AWAZE QAUM International Newspaper & WEB TV

# ਨਵ ਨਿਯੁਕਤ ਅਮਨਦੀਪ ਪੀ ਸੀ ਐਸ ਆਰ ਟੀ ਉ ਫਿਰੋਜ਼ਪੁਰ ਨੂੰ ਕੀਤਾ ਸਨਮਾਨਿਤ

**ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ)**-ਪੰਜਾਬ ਸਰਕਾਰ ਵੱਲੋਂ ਦਫ਼ਤਰਾਂ ਵਿਚ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਨੂੰ ਘੱਟ ਕਰਨ ਲਈ ਅਫ਼ਸਰਾ ਦੇ ਤਬਾਦਲੇ ਵੱਡੇ ਪੱਧਰ ਤੇ ਕੀਤੇ ਜਾ ਰਹੇ ਹਨ ਇਸੇ ਕੜੀ ਤਹਿਤ ਅਮਨਦੀਪ ਪੀ ਸੀ ਐਸ ਆਰ ਟੀ ਏ ਫਿਰੋਜ਼ਪੁਰ ਤੇ ਆਰ ਟੀ ਉ ਫਿਰੋਜ਼ਪੁਰ ਦੇ ਦੋਨੋਂ ਚਾਰਜ ਦੇ ਕੇ ਪੱਕੇ ਤੌਰ ਤੇ ਤਾਇਨਾਤ ਕੀਤਾ ਗਿਆ. ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਔਲਖ ਪ੍ਰਧਾਨ ਬੱਸ ਯੂਨੀਅਨ ਫਿਰੋਜ਼ਪੁਰ ਨੇ ਦੱਸਿਆ ਕਿ ਅੱਜ ਨਵ ਨਿਯੁਕਤ ਟਰਾਂਸਪੋਰਟ ਅਫ਼ਸਰ ਅਮਨਦੀਪ ਪੀ ਸੀ ਐਸ ਨੂੰ ਸਨਮਾਨਿਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਨਵੇਂ ਆਹੁਦੇ ਤੇ ਬਿਰਾਜਮਾਨ ਹੋਣ ਲਈ ਵਧਾਈਆਂ ਦਿੱਤੀਆਂ। ਅਮਨਦੀਪ ਵੱਲੋਂ ਵੀ ਸਾਰੀ ਬੱਸ ਯੂਨੀਅਨ ਦੇ ਨੁਮਾਇੰਦਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਦਫ਼ਤਰ ਵਿੱਚ ਆਪ ਨੂੰ ਕਿਸੇ ਤਰ੍ਹਾਂ ਦਾ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ, ਪਾਰਦਰਸ਼ੀ ਢੰਗ ਨਾਲ ਸਾਰੀ ਪਬਲਿਕ ਦੇ ਕੰਮ ਕੀਤੇ ਜਾਣਗੇ। ਇਸ ਮੌਕੇ ਸਰਬਜੀਤ ਸਿੰਘ, ਕੇਵਲ ਕ੍ਰਿਸ਼ਨ, ਇੰਦਰਜੀਤ ਸਿੰਘ ਜੌਨੀ, ਗੁਰਨਾਮ ਸਿੰਘ ਮਹਿਮਾ,ਬੋਹੜ ਸਿੰਘ ਸੰਧੂ, ਮਲਕੀਤ ਸਿੰਘ ਥਿੰਦ, ਸੁਖਵਿੰਦਰ ਸਿੰਘ ਕਾਲੂ, ਸਾਹਬ ਸਿੰਘ, ਦਲਬੀਰ ਸਿੰਘ, ਨਿਰਵੈਰ ਸਿੰਘ ਹਸਤੀ ਵਾਲਾ, ਸੁਖਦੇਵ ਸਿੰਘ7ਨਾਗਪਾਲ, ਸੈਮੂਅਲ, ਚੰਨ ਭਾਵੜਾ ਆਦਿ ਆਗੂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV




# ਜਨਮ ਦਿਨ ਮੁਬਾਰਕ

**ਸ਼੍ਰੀ ਕੁਮਾਰ ਕੁਮਾਰ ਅਤੇ ਸ਼੍ਰੀਮਤੀ ਸੁਮਨ ਰਾਣੀ ਦੀ ਬੇਟੀ ਕ੍ਰਿਤਿਕਾ ਨੂੰ 10ਵੇਂ ਜਨਮ ਦਿਨ ਦੀਆਂ "ਅਦਾਰਾ ਆਵਜਿ ਕੌਮ" ਅਤੇ ਪਤੱਰਕਾਰ ਗੁਰਜੰਟ ਸਿੰਘ ਨਥੇਹਾ ਬਹੁਤ ਸਾਰੀਆਂ ਵਧਾਈਆਂ।**

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਮੁਤਾਬਿਕ

# ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸਬੰਧੀ ਮੀਟਿੰਗ



**ਫਿਰੋਜ਼ਪੁਰ, 13 ਮਈ (ਮਨੋਹਰ ਲਾਲ)**-ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ 2 ਸਤੰਬਰ ਦੇ ਹੁਕਨਾਮੇ ਦੇ ਸੰਦਰਭ ਵਿੱਚ ਪੰਜ ਮੈਂਬਰੀ ਕਮੇਟੀ ਵੱਲੋ, ਸ਼੍ਰੋਮਣੀ ਅਕਾਲੀ ਦਲ ਦੀ ਕੀਤੀ ਜਾ ਰਹੀ ਭਰਤੀ ਸਬੰਧੀ, ਖਾਲਸਾ ਪੰਥ ਦੀ ਧੀ ਬੀਬੀ ਸਤਵੰਤ ਕੌਰ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਦੇ ਪੰਥ ਦਰਦੀ ਅਗੂਆਂ ਨਾਲ ਮੀਟਿੰਗ ਕੀਤੀ ਗਈ ਅਤੇ ਫਿਰੋਜ਼ਪੁਰ ਵਿੱਚ ਚਲ ਰਹੀ ਭਰਤੀ ਦਾ ਜਾਇਜ਼ਾ ਲਿਆ ਗਿਆ। ਇਸ ਵਿੱਚ ਬੀਬੀ ਸਤਵੰਤ ਕੌਰ ਨੇ ਕਿਹਾ ਕਿ ਇਹ ਭਰਤੀ ਪਾਰਦਰਸ਼ਤਾ ਨਾਲ ਬਿਨਾ ਭੇਦ ਭਾਵ ਕੀਤੀ ਜਾਵੇਗੀ। ਇਸ ਭਰਤੀ ਉਪਰੰਤ ਪੰਜ ਪ੍ਰਧਾਨੀ ਅਤੇ ਵਿਧੀ ਵਿਧਾਨ ਦੀ ਪ੍ਰਕਿਆ ਮੁਤਾਬਿਕ ਇਲਾਕੇ ਦੀਆਂ ਸੰਗਤਾਂ ਹੀ ਯੋਗ ਸਿੱਖਾਂ ਨੂੰ ਆਪਣੇ ਸਰਕਲ, ਹਲਕਾ ਅਤੇ ਜ਼ਿਲ੍ਹੇ ਦੇ ਜਥੇਦਾਰ/ਡੈਲੀਕੇਟ ਦੀ ਚੌਣ ਕਰਨਗੀਆਂ। ਵਿਸ਼ਵ ਭਰ ਦੇ ਡੈਲੀਕੇਟਾਂ ਵੱਲੋਂ ਯੋਗ ਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਹੋਰ ਅਹੁਦਿਆ ਲਈ ਚੁਣਿਆ ਜਾਵੇਗਾ, ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਦੀ ਸੇਵਾ ਕਰ ਰਹੀ ਪੰਜ ਮੈਂਬਰੀ ਕਮੇਟੀ ਵਿੱਚੋਂ ਕੋਈ ਮੈਂਬਰ ਕਿਸੇ ਵੀ ਅਹੁਦੇ ਲਈ ਦਾਅਵੇਦਾਰ ਨਹੀਂ ਹੋਵੇਗਾ। ਸ੍ਰੀ ਅਕਾਲ ਤਖਤ ਵੱਲੋਂ ਕੀਤੇ ਗਏ ਹੁਕਮ ਮੁਤਾਬਿਕ ਪੰਥਕ ਸ਼ਕਤੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਰਹਿਨੁਮਾਈ ਹੇਠ ਇੱਕ ਪਲੇਟ ਫਾਰਮ ਤੇ ਇਕੱਠਿਆ ਕਰਨ ਲਈ, ਸਾਰੀਆਂ ਸਿੱਖ ਸੰਪਰਦਾਵਾਂ, ਸੰਸਥਾ ਅਤੇ ਦਲਾਂ ਆਦਿ ਨੂੰ ਪੰਜ ਮੈਂਬਰੀ ਕਮੇਟੀ ਵੱਲੋਂ ਨਿਮਰਤਾ ਸਾਹਿਤ ਬੇਨਤੀ ਕੀਤੀ ਜਾ ਰਹੀ ਹੈ। ਬੀਬੀ ਨੇ ਕਿਹਾ ਕਿ ਸਿੱਖਾਂ ਦੀ ਸਿਰਮੌਰ ਧਾਰਮਿਕ ਅਤੇ ਸਿਆਸੀ ਸੰਸਥਾ ਸ੍ਰੋਮਣੀ ਅਕਾਲੀ ਦਲ ਨੂੰ ਤਕੜਾ ਕਰਨਾ ਪੰਥ ਅਤੇ ਪੰਜਾਬ ਲਈ ਬਹੁਤ ਜ਼ਰੂਰੀ ਹੈ। ਖਾਲਸਾ ਪੰਥ ਹਮੇਸ਼ਾ ਸਰਬੱਤ ਦੇ ਭਲੇ ਦੀ ਕਾਮਨਾ ਕਰਦਾ ਹੈ ਅਤੇ ਜੁਲਮ ਦੇ ਵਿਰੁੱਧ ਆਪਣੀਆਂ ਕੁਰਬਾਨੀਆਂ ਦਿੰਦਾ ਆ ਰਿਹਾ ਹੈ। ਸਿੱਖ ਪੰਥ ਹਰੇਕ ਧਰਮ ਦਾ ਸਤਿਕਾਰ ਕਰਦਾ ਹੈ ਅਤੇ ਹਰੇਕ ਵਰਗ ਨੂੰ ਆਪਣਾ ਪਰਿਵਾਰ ਸਮਝਦੇ ਹੋਏ ਦੁੱਖ ਸੁੱਖ ਵਿਚ ਸਾਥ ਦੇਣ ਦੀਆਂ ਸੇਵਾਵਾ ਨਿਭਾਉਂਦਾ ਆ ਰਿਹਾ ਹੈ। ਮੀਟਿੰਗ ਵਿਚ ਹਾਜ਼ਰ ਹੋਏ ਮੈਂਬਰਾਂ ਨੇ ਆਪਣੇ ਸ਼ੰਕਿਆਂ ਦੀ ਨਵਿਰਤੀ ਕੀਤੀ ਅਤੇ ਭਰਤੀ ਲਈ ਕਾਫੀ ਗਿਣਤੀ ਵਿੱਚ ਰਸੀਦ ਬੁੱਕਾਂ ਪ੍ਰਾਪਤ ਕੀਤੀਆਂ। ਫਿਰੋਜ਼ਪੁਰ ਦੇ ਸਿੱਖਾਂ ਨੇ ਬੀਬੀ ਨੂੰ ਵਿਸ਼ਵਾਸ ਦਿਵਾਇਆ ਕਿ ਅਸੀ ਸਾਰੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ਼੍ਰੋਮਣੀ ਅਕਾਲੀ ਦੀ ਭਰਤੀ ਲਈ ਹਰ ਤਰ੍ਹਾਂ ਦੀ ਸੇਵਾ ਲਈ ਤਿਆਰ ਹਾਂ। ਮੀਟਿੰਗ ਭਾਈ ਸੁਖਦੇਵ ਸਿੰਘ ਬੰਡਾਲਾ, ਭਾਈ ਬਲਕਾਰ ਸਿੰਘ ਇਲਮੇਵਾਲਾ, ਭਾਈ ਬੋਹੜ ਸਿੰਘ, ਭਾਈ ਜਸਮੇਰ ਸਿੰਘ ਹਕੂਮਤ ਵਾਲਾ, ਜਥੇਦਾਰ ਗੁਰਦੀਪ ਸਿੰਘ, ਵਿਰਸਾ ਸਿੰਘ, ਰੇਸ਼ਮ ਸਿੰਘ ਸਾਂਦਾ ਮੌਜ਼ਾ, ਬਲਵਿੰਦਰ ਸਿੰਘ ਵਾਹਕਾ ਮੋੜ, ਤਰਲੋਕ ਸਿੰਘ ਸੈਕਟਰੀ, ਭਾਈ ਅਮਰ ਸਿੰਘ, ਸਤਿਨਾਮ ਸਿੰਘ, ਜੁਗਰਾਜ ਸਿੰਘ ਝੋਕ ਹਰੀ ਹਰ, ਨਛੱਤਰ ਸਿੰਘ, ਮਾਸਟਰ ਭੁਪਿੰਦਰ ਸਿੰਘ, ਦਵਿੰਦਰ ਸਿੰਘ ਸੇਖੋਂ ਮਿਸਲ ਸਤਲੁੱਜ, ਬਲਵੰਤ ਰਾਏ ਸ਼ਰਮਾ, ਭਾਈ ਜਸਬੀਰ ਸਿੰਘ, ਪਿਆਰੇਆਣਾ, ਡਾਕਟਰ ਰੂਪ ਸਿੰਘ ਮੱਲਵਾਲ, ਭਾਈ ਜਰਨੈਲ ਸਿੰਘ ਛਾਪਿਆਂਵਾਲੀ, ਭਾਈ ਜਸਪਾਲ ਸਿੰਘ ਖਾਲਸਾ, ਜਥੇਦਾਰ ਕਰਨੈਲ ਸਿੰਘ, ਹਭਜਨ ਸਿੰਘ, ਭਾਈ ਹਰੀ ਪ੍ਰਸਾਦ ਸਿੰਘ, ਸੁੱਚਾ ਸਿੰਘ, ਐਡਵੋਕੇਟ ਪਰਮਿੰਦਰਦੀਪ ਸਿੰਘ, ਬੀਬੀ ਸੁਪ੍ਰੀਤ ਕੌਰ ਭੁੱਲਰ, ਜਰਨੈਲ ਸਿੰਘ ਭੁੱਲਰ ਧੀਰਾ ਪੱਤਰਾ, ਸਤਵਿੰਦਰ ਸਿੰਘ ਖਾਰਾ, ਭਾਈ ਗੁਰਨਾਮ ਸਿੰਘ, ਹਰਦੇਵ ਸਿੰਘ ਹੁੰਦਲ ਗੁਰੂਹਰਸਹਾਏ, ਸਤਪਾਲ ਸਿੰਘ ਭੁੱਲਰ, ਸੁਰਜੀਤ ਸਿੰਘ ਪਾਈਨੀਅਰ ਕਲੋਨੀ ਆਦਿ ਹਾਜ਼ਰ ਸਨ।

### ਗਰੀਬ ਲੋਕਾਂ ਦੇ ਰਾਹ ਦਸੇਰਾ ਸਨ ਬਲਵੀਰ ਸਿੰਘ ਇੰਦਰਗੜ੍ਹ

# ਵੱਖ-ਵੱਖ ਸ਼ਖ਼ਸੀਅਤਾਂ ਨੇ ਪਰਿਵਾਰ ਨਾਲ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ



**ਧਰਮਕੋਟ/ਮੋਗਾ (ਵਰਿਆਮ ਹਠੂਰ)**-ਬਹੁਜਨ ਸਮਾਜ ਦੇ ਗਰੀਬ ਲੋਕਾਂ ਦੇ ਰਾਹ ਦਸੇਰਾ ਤੇ ਸਮਾਜ ਸੇਵੀ ਬਲਵੀਰ ਸਿੰਘ ਇੰਦਰਗੜ੍ਹ ਦਾ ਜਨਮ ਪਿਤਾ ਸ੍ਰੀ ਵਿਸਾਖਾ ਸਿੰਘ ਦੇ ਗ੍ਰਹਿ ਮਾਤਾ ਸ੍ਰੀਮਤੀ ਸੁਰਜੀਤ ਕੌਰ ਦੀ ਕੁੱਖੋਂ 31 ਮਈ 1962 ਨੂੰ ਹੋਇਆ। ਸਕੂਲੀ ਤੇ ਉੱਚ ਵਿੱਦਿਆ ਪ੍ਰਾਪਤ ਕਰਨ ਤੋਂ ਬਾਅਦ ਬਲਵੀਰ ਸਿੰਘ ਨੂੰ ਪੰਜਾਬ ਪੁਲਿਸ ਵਿਚ ਨੌਕਰੀ ਮਿਲ ਗਈ, ਪਰ ਕੁਦਰਤ ਦਾ ਅਜਿਹਾ ਕਹਿਰ ਵਾਪਰਿਆ ਕਿ ਉਸਦਾ ਵੱਡਾ ਭਰਾ ਜਸਵੰਤ ਸਿੰਘ ਇਕ ਭਿਆਨਕ ਸੜਕ ਹਾਦਸੇ ਵਿਚ ਸਦੀਵੀ ਵਿਛੋੜਾ ਦੇ ਗਿਆ। ਜਿਸ ਨਾਲ ਪਰਿਵਾਰ ਨੂੰ ਗਹਿਰਾ ਸਦਮਾ ਲੱਗਾ ਤੇ ਚਾਰ ਭੈਣਾਂ ਦੇ ਭਰਾ ਬਲਵੀਰ ਨੂੰ ਮਜ਼ਬੂਰਨ ਪੁਲਿਸ ਦੀ ਨੌਕਰੀ ਛੱਡਣੀ ਪਈ। ਕੁਝ ਸਮੇਂ ਬਾਅਦ ਉਸ ਦੀ ਸ਼ਾਦੀ ਪਤਨੀ ਰੇਸ਼ਮ ਕੌਰ ਸਿੱਧਵਾਂ ਖੁਰਦ ਨਾਲ ਹੋਈ ਅਤੇ ਅੱਜ ਉਹ ਤਿੰਨ ਪੁੱਤਰੀਆਂ ਤੇ ਦੋ ਪੁੱਤਰਾਂ ਨਾਲ ਹੱਸਦੇ-ਵੱਸਦੇ ਭਰੇ ਪਰਿਵਾਰ ਨਾਲ ਫਿਰੋਜ਼ਪੁਰ ਵਿਖੇ ਆਪਣਾ ਕਾਰੋਬਾਰ ਕਰਦਾ ਹੋਇਆ ਜੀਵਨ ਬਸਰ ਕਰ ਰਿਹਾ ਸੀ ਕਿ ਅਚਾਨਕ 9 ਮਈ ਦੀ ਕਹਿਰ ਦੀ ਰਾਤ ਨੂੰ ਬੁੱਢੇ ਮਾਪਿਆਂ ਦਾ ਇਕਲੌਤਾ ਪੁੱਤਰ, ਪੰਜ ਬੱਚਿਆਂ ਦਾ ਬਾਪ ਅਤੇ ਸੁਪਤਨੀ ਰੇਸ਼ਮ ਕੌਰ ਦੇ ਸਿਰ ਦਾ ਸਾਈਂ ਉਨ੍ਹਾਂ ਨੂੰ ਰੋਂਦੇ ਵਿਲਕਦਿਆਂ ਨੂੰ ਹਮੇਸ਼ਾਂ ਲਈ ਛੱਡ ਕੇ ਤੁਰ ਗਿਆ। ਰਘਬੀਰ ਸਿੰਘ ਇੰਦਰਗੜ੍ਹ ਨੇ ਦੱਸਿਆ ਕਿ ਬਲਵੀਰ ਸਿੰਘ ਜਦ ਵੀ ਪਿੰਡ ਆਉਂਦਾ ਤਾਂ ਬਹੁਜਨ ਸਮਾਜ ਦੇ ਦੱਬੇ-ਕੁਚਲੇ ਤੇ ਗਰੀਬ ਲੋਕਾਂ ਦੀ ਤਰਸਯੋਗ ਹਾਲਤ ਬਾਰੇ ਗੱਲਾਂ ਕਰਦਾ ਰਹਿੰਦਾ ਅਤੇ ਬਾਬਾ ਸਾਹਿਬ ਡਾ.ਭੀਮ ਰਾਉ ਅੰਬੇਡਕਰ ਜੀ ਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਵਲੋਂ ਬਹੁਜਨ ਸਮਾਜ ਦੀ ਕਾਇਆ ਕਲਪ ਕਰਨ ਅਤੇ ਗੁਰੂ ਰਵਿਦਾਸ ਜੀ ਦੇ ਬੇਗਮਪੁਰਾ ਦੇ ਸੰਕਲਪ ਨੂੰ ਪੂਰਾ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਦਾ ਰਹਿੰਦਾ ਸੀ। ਉਹ ਸਹੂਲਤਾਂ ਤੋਂ ਸੱਖਣੇ ਗਰੀਬ ਲੋਕਾਂ ਨੂੰ ਸਤਾ ਪ੍ਰਾਪਤੀ ਲਈ ਪ੍ਰੇਰਿਤ ਕਰਦਾ ਹੋਇਆ ਕਹਿੰਦਾ ਸੀ ਕਿ ਸਤਾ 'ਤੇ ਕਾਬਜ਼ ਲਹੂ ਪੀਣੀਆਂ ਜੋਕਾਂ ਨੇ ਕਦੇ ਤੁਹਾਡੀ ਸਾਰ ਨਹੀਂ ਲੈਣੀ, ਇਨ੍ਹਾਂ ਤੋਂ ਉਮੀਦ ਛੱਡ ਕੇ ਇਕਮੁੱਠ ਹੋਵੇ ਅਤੇ ਸਤਾ ਪ੍ਰਾਪਤੀ ਲਈ ਬਾਬਾ ਸਾਹਿਬ ਡਾ.ਅੰਬੇਡਕਰ ਜੀ ਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਮਿਸ਼ਨ 'ਚ ਸ਼ਾਮਲ ਹੋ ਕੇ ਅੱਗੇ ਵਧੇ। ਕੁਲਵੰਤ ਸਿੰਘ ਕਮਾਲਪੁਰਾ, ਡਾ.ਹਰੀ ਸਿੰਘ ਕਮਾਲਪੁਰਾ ਅਤੇ ਪ੍ਰਿੰ.ਸਰਬਜੀਤ ਸਿੰਘ ਦੇਹੜਕਾ ਨੇ ਦੱਸਿਆ ਕਿ ਬਲਵੀਰ ਸਿੰਘ ਗਰੀਬ ਲੋਕਾਂ ਦਾ ਰਾਹ ਦਸੇਰਾ ਸੀ ਅਤੇ ਆਪਣੇ ਪਿੰਡ ਨਾਲ ਅੰਤਾਂ ਦਾ ਮੋਹ ਰੱਖਦਾ ਸੀ। ਉਹ ਇਕ ਚੰਗਾ ਬੁਲਾਰਾ ਹੋਣ ਦੇ ਨਾਲ-ਨਾਲ ਵਧੀਆ ਲੇਖਕ ਵੀ ਸੀ। ਇਸ ਦੁੱਖ ਦੀ ਘੜੀ 'ਚ ਬਾਬਾ ਕੌਰੇ ਸ਼ਾਹ (ਇੰਦਰਗੜ੍ਹ ਝਿੜੀ ਵਾਲੇ), ਐੱਮ.ਐੱਲ.ਏ. ਮਨਜੀਤ ਸਿੰਘ ਬਿਲਾਸਪੁਰ, ਐੱਮ.ਐੱਲ.ਏ. ਦਵਿੰਦਰਜੀਤ ਸਿੰਘ ਲਾਡੀ ਢੋਸ, ਸਰਪੰਚ ਬਾਬਾ ਮਨਜਿੰਦਰ ਸਿੰਘ, ਇੰਸਪੈਕਟਰ ਬਲਵਿੰਦਰ ਸਿੰਘ, ਮੱਖਣ ਸਿੰਘ ਸੈਂਭੀ, ਬਿੱਕਰ ਸਿੰਘ ਮੱਟੂ, ਜਗਦੀਸ਼ ਸਿੰਘ, ਸਾਬਕਾ ਸਰਪੰਚ ਅਜੈਬ ਸਿੰਘ ਅਤੇ ਰਘਬੀਰ ਸਿੰਘ ਇੰਦਰਗੜ੍ਹ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਬਲਵੀਰ ਸਿੰਘ ਦੇ ਪੁੱਤਰਾਂ ਖੁਸ਼ਵੰਤ ਸਿੰਘ ਤੇ ਗਗਨ ਕਨੈਡਾ ਨੇ ਦੱਸਿਆ ਕਿ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਪ੍ਰਕਾਸ਼ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਮਿਤੀ 18 ਮਈ 2025 (ਦਿਨ ਐਤਵਾਰ) ਨੂੰ 1 ਵਜੇ ਗੁਰਦੁਆਰਾ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਪਿੰਡ ਇੰਦਰਗੜ੍ਹ (ਮੋਗਾ) ਵਿਖੇ ਪੈਣਗੇ।

# ਗੁਰਦੁਆਰਾ ਰਾਜੌਰੀ ਗਾਰਡਨ ਵਿਖੇ ਸ. ਪਾਲ ਸਿੰਘ ਦੀ ਯਾਦ ਵਿੱਚ ਸਮਾਗਮ



**ਨਵੀਂ ਦਿੱਲੀ, 13 ਮਈ (ਮਨਪ੍ਰੀਤ ਸਿੰਘ ਖਾਲਸਾ)**-ਪੱਛਮੀ ਦਿੱਲੀ ਸਥਿਤ ਗੁਰਦੁਆਰਾ ਰਾਜੌਰੀ ਗਾਰਡਨ ਵਿੱਚ ਸ. ਪਾਲ ਸਿੰਘ ਦੀ ਯਾਦ ਵਿੱਚ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜੱਥਾ ਭਾਈ ਸੁਰਿੰਦਰ ਸਿੰਘ ਪਟੇਲ ਨਗਰ ਵੱਲੋਂ ਗੁਰੂ ਤੇਗ ਬਹਾਦੁਰ ਜੀ ਦੀ ਬਾਣੀ "ਸਲੋਕ ਮਹਲਾ 9" ਦੇ ਸ਼ਬਦਾਂ ਦਾ ਕੀਰਤਨ ਕੀਤਾ ਗਿਆ। ਇਸ ਮੌਕੇ ਗੁਰਬਾਣੀ ਅਨੁਸਾਰ ਇਤਿਹਾਸਕ ਕਥਾ ਵੀ ਸੰਗਤ ਨੂੰ ਸੁਣਾਈ ਗਈ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਅਤੇ ਅਕਾਲੀ ਨੇਤਾ ਬਲਦੀਪ ਸਿੰਘ ਰਾਜਾ ਵੱਲੋਂ ਹਰ ਸਾਲ ਆਪਣੇ ਪਿਤਾ ਸ. ਪਾਲ ਸਿੰਘ ਦੀ ਯਾਦ ਵਿੱਚ ਇਹ ਕੀਰਤਨ ਸਮਾਗਮ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿਤਾ ਸ. ਪਾਲ ਸਿੰਘ, ਜਿਨ੍ਹਾਂ ਨੇ ਪਾਕਿਸਤਾਨ ਦੇ ਲਾਯਲਪੁਰ ਤੋਂ ਆ ਕੇ ਦੇਸ਼ ਦੇ ਵੰਡ ਤੋਂ ਬਾਅਦ ਰਾਜੌਰੀ ਗਾਰਡਨ ਵਿੱਚ ਸੰਗਤ ਸੇਵਾ ਦੀ ਸ਼ੁਰੂਆਤ ਕੀਤੀ ਸੀ, ਗੁਰਦੁਆਰਾ ਸਾਹਿਬ ਦੀ ਨਿਰਮਾਣ ਕਾਰਜ ਵਿੱਚ ਵੀ ਮਹੱਤਵਪੂਰਨ ਯੋਗਦਾਨ ਦਿੱਤਾ। ਉਨ੍ਹਾਂ ਦੇ ਦੱਸੇ ਰਾਹ ਤੇ ਤੁਰਦੇ ਹੋਏ ਅੱਜ ਪੂਰਾ ਪਰਿਵਾਰ ਸੰਗਤ ਦੀ ਸੇਵਾ ਕਰ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਹਰ ਸਾਲ ਸਮਾਗਮ ਦੌਰਾਨ ਗੁਰੂ ਤੇਗ ਬਹਾਦੁਰ ਜੀ ਦੀ ਬਾਣੀ ਦਾ ਪਾਠ ਕਰਵਾਇਆ ਜਾਂਦਾ ਹੈ ਅਤੇ ਇਸ ਸਾਲ ਤਾਂ ਵਿਸ਼ੇਸ਼ ਤੌਰ 'ਤੇ ਸੰਸਾਰ ਭਰ ਦੀ ਸੰਗਤ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਜਾ ਰਹੀ ਹੈ। ਇਨ੍ਹਾਂ ਪਵਿੱਤਰ ਮੌਕਿਆਂ ਨੂੰ ਨਜ਼ਰ ਵਿੱਚ ਰੱਖਦਿਆਂ, ਉਨ੍ਹਾਂ ਵੱਲੋਂ ਗੁਰੂ ਸਾਹਿਬ ਦੀ ਬਾਣੀ ਦੇ ਪ੍ਰਚਾਰ ਲਈ ਗੁਟਕਾ ਸਾਹਿਬ ਵੀ ਸੰਗਤ ਵਿੱਚ ਵੰਡੇ ਜਾਣਗੇ ਤਾਂ ਜੋ ਵੱਧ ਤੋਂ ਵੱਧ ਸੰਗਤ ਤੱਕ ਗੁਰੂ ਦੀ ਬਾਣੀ ਪਹੁੰਚ ਸਕੇ।

# ਜੈਨੇਸਿਸ ਅਮਨਦੀਪ ਹਸਪਤਾਲ ਵਿਚ ਨਰਸ ਦਿਵਸ ਦੇ ਮੌਕੇ ਸ਼ਾਨਦਾਰ ਸਮਾਗਮ ਆਯੋਜਿਤ ਕੀਤਾ ਗਿਆ




**ਫਿਰੋਜ਼ਪੁਰ, 13 ਮਈ (ਮਨੋਹਰ ਲਾਲ)**-ਫਿਰੋਜ਼ਪੁਰ-ਮੋਗਾ ਰੋਡ 'ਤੇ ਸਥਿਤ ਜੈਨੇਸਿਸ ਅਮਨਦੀਪ ਹਸਪਤਾਲ ਵਿਚ ਨਰਸ ਦਿਵਸ ਦੇ ਮੌਕੇ 'ਤੇ ਇੱਕ ਸ਼ਾਨਦਾਰ ਸਮਾਗਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਨਰਸਿੰਗ ਸਟਾਫ ਦੀ ਲਾਗਤ, ਮਿਹਨਤ ਅਤੇ ਸੇਵਾ ਭਾਵਨਾ ਨੂੰ ਸਰਾਹਿਆ ਗਿਆ। ਸਮਾਗਮ ਦੌਰਾਨ ਸੱਭਿਆਚਾਰਕ ਪ੍ਰਸਤੁਤੀਆਂ, ਇਨਾਮ ਵੰਡ ਅਤੇ ਸਨਮਾਨ ਪੱਤਰਾਂ ਰਾਹੀਂ ਨਰਸਾਂ ਨੂੰ ਸਨਮਾਨਿਤ ਕੀਤਾ ਗਿਆ। ਹਸਪਤਾਲ ਦੀ ਨਰਸਿੰਗ ਟੀਮ ਨੇ ਹਮੇਸ਼ਾ ਚੁਣੌਤੀਪੂਰਨ ਹਾਲਾਤਾਂ ਵਿੱਚ ਵੀ ਨਿਪੁੰਨਤਾ ਅਤੇ ਦਇਆ ਦਿਖਾਈ ਹੈ। ਉਨ੍ਹਾਂ ਦੀ ਸੇਵਾ ਭਾਵਨਾ ਅਤੇ ਵਿਸ਼ੇਸ਼ਜਤਾ ਮਰੀਜ਼ਾਂ ਨੂੰ ਵਧੀਆ ਦੇਖਭਾਲ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਂਦੀ ਹੈ। ਜੈਨੇਸਿਸ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਸਮਾਗਮ ਦੌਰਾਨ ਕਿਹਾ "ਨਰਸਾਂ ਕਿਸੇ ਵੀ ਹਸਪਤਾਲ ਦੀ ਆਤਮਾ ਹੁੰਦੀਆਂ ਹਨ। ਉਨ੍ਹਾਂ ਦਾ ਸੇਵਾ ਭਾਵ, ਅਨੁਸ਼ਾਸਨ ਅਤੇ ਮਰੀਜ਼ਾਂ ਪ੍ਰਤੀ ਸਮਰਪਣ ਨਾ ਸਿਰਫ ਸਾਡੀ ਚਿਕਿਤਸਾ ਪ੍ਰਣਾਲੀ ਨੂੰ ਮਜ਼ਬੂਤ ਬਣਾਉਂਦਾ ਹੈ, ਸਗੋਂ ਮਰੀਜ਼ਾਂ ਦੇ ਭਰੋਸੇ ਨੂੰ ਵੀ ਮਜ਼ਬੂਤੀ ਦਿੰਦਾ ਹੈ। ਸਾਨੂੰ ਮਾਣ ਹੈ ਕਿ ਸਾਡੇ ਹਸਪਤਾਲ ਵਿੱਚ ਇੰਨੀ ਸਮਰਪਿਤ ਨਰਸਿੰਗ ਟੀਮ ਕੰਮ ਕਰ ਰਹੀ ਹੈ। ਜੈਨੇਸਿਸ ਨਰਸਿੰਗ ਕਾਲਜ ਦੀ ਪ੍ਰਿੰਸਿਪਲ ਮਨਿੰਦਰ ਕੌਰ ਨੇ ਨਰਸਿੰਗ ਦੀ ਸਿੱਖਿਆ ਅਤੇ ਟਰੇਨਿੰਗ ਦੀ ਭੂਮਿਕਾ 'ਤੇ ਚਾਨਣ ਪਾਉਂਦੇ ਹੋਏ ਕਿਹਾ "ਇੱਕ ਚੰਗੀ ਨਰਸਿੰਗ ਪ੍ਰਣਾਲੀ ਦੀ ਨੀਂਹ ਮਜ਼ਬੂਤ ਸਿੱਖਿਆ ਹੁੰਦੀ ਹੈ"। ਅਸੀਂ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਕਿ ਸਾਡੇ ਵਿਦਿਆਰਥੀ ਸਿਰਫ ਨਿਪੁੰਨ ਹੀ ਨਹੀਂ, ਸਗੋਂ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਸਿਹਤ ਸੇਵਕ ਵੀ ਬਣਨ। ਕਾਲਜ ਦੀ ਵਾਈਸ ਪ੍ਰਿੰਸਿਪਲ ਸਿਵਾਨੀ ਸ਼ਰਮਾ ਨੇ ਨਰਸਿੰਗ ਵਿਦਿਆਰਥੀਆਂ ਅਤੇ ਸਟਾਫ ਨੂੰ ਉਤਸ਼ਾਹਤ ਕਰਦੇ ਹੋਏ ਕਿਹਾ, "ਨਰਸਿੰਗ ਸਿਰਫ ਇੱਕ ਪੇਸ਼ਾ ਨਹੀਂ, ਸਗੋਂ ਇੱਕ ਸੇਵਾ ਹੈ ਜੋ ਮਨੁੱਖੀ ਭਾਵਨਾਵਾਂ ਨਾਲ ਜੁੜੀ ਹੋਈ ਹੈ। ਸਾਡਾ ਉਦੇਸ਼ ਅਜਿਹੀਆਂ ਨਰਸਾਂ ਤਿਆਰ ਕਰਨਾ ਹੈ ਜੋ ਕਿਸੇ ਵੀ ਹਾਲਾਤ ਵਿੱਚ ਆਪਣੀ ਡਿਊਟੀ ਨਿਭਾਉਣ ਲਈ ਤਤਪਰ ਹੋਣ। ਡਾ. ਅਮਨਦੀਪ ਕੌਰ, ਡਾਇਰੈਕਟਰ, ਅਮਨਦੀਪ ਗਰੁੱਪ ਆਫ਼ ਹਸਪਤਾਲਜ਼ ਨੇ ਨਰਸਿੰਗ ਸਟਾਫ ਦੀ ਸ਼ਲਾਘਾ ਕਰਦਿਆਂ ਕਿਹਾ, "ਸਾਡੀਆਂ ਨਰਸਾਂ ਸਾਡੀ ਸਿਹਤ ਸੇਵਾ ਪ੍ਰਣਾਲੀ ਦੀ ਰੀੜ ਦੀ ਹੱਡੀ ਹਨ"। ਸਿਰਫ਼ ਪੰਜ ਬਿਸਤਰਾਂ ਵਾਲਾ ਹਸਪਤਾਲ, ਏਐੱਚਪੀਐੱਲ ਹੁਣ 750 ਤੋਂ ਵੱਧ ਚੱਲਦੇ ਬਿਸਤਰਾਂ ਅਤੇ 170 ਤੋਂ ਵੱਧ ਮਸ਼ਹੂਰ ਸਰਜਨਾਂ ਅਤੇ ਚਿਕਿਤਸਕਾਂ ਦੀ ਟੀਮ ਨਾਲ ਇੱਕ ਪ੍ਰਤਿਸ਼ਿਠਤ ਸੰਸਥਾ ਬਣ ਚੁੱਕਾ ਹੈ, ਜਿਨ੍ਹਾਂ ਨੇ ਹੁਣ ਤੱਕ 5 ਲੱਖ ਤੋਂ ਵੱਧ ਜਿੰਦਗੀਆਂ ਬਦਲੀਆਂ ਹਨ। ਅਮਨਦੀਪ ਗਰੁੱਪ ਦੇ ਛੇ ਸ਼ਾਖਾਂ ਹਨ, ਜਿਨ੍ਹਾਂ ਵਿੱਚੋਂ ਦੋ ਅੰਮ੍ਰਿਤਸਰ ਵਿਚ ਅਤੇ ਇਕ ਪਠਾਨਕੋਟ, ਫ਼ਿਰੋਜ਼ਪੁਰ, ਸ਼੍ਰੀਨਗਰ ਅਤੇ ਤਰਨਤਾਰਨ ਵਿੱਚ ਸਥਿਤ ਹੈ। ਇਸ ਗਰੁੱਪ ਨੇ ਆਪਣੀ ਸਥਾਪਨਾ ਤੋਂ ਹੁਣ ਤੱਕ 5 ਲੱਖ ਤੋਂ ਵੱਧ ਜ਼ਿੰਦਗੀਆਂ ਬਦਲੀਆਂ ਹਨ ਅਤੇ 2031 ਤੱਕ 3500 ਬਿਸਤਰਾਂ ਦੀ ਸਮਰੱਥਾ ਵਧਾਉਣ ਦੀ ਮਹਾਨ ਯੋਜਨਾ ਬਣਾਈ ਹੈ। ਸਮਾਗਮ ਦੇ ਅਖੀਰ ਵਿੱਚ ਨਰਸਿੰਗ ਸਟਾਫ ਨੂੰ ਪ੍ਰਤੀਕ ਚਿੰਨ੍ਹ, ਸਨਮਾਨ ਪੱਤਰ ਅਤੇ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ।

# ਰਾਜਾ ਲਦੇਹ ਨੇ ਮਾਨ ਭਰਾਵਾਂ ਨਾਲ-ਨਾਲ ਕੀਤਾ ਦੁੱਖ ਸਾਂਝਾ



**ਚੌਕ ਮਹਿਤਾ, 13 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਰੌਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਹਲਕਾ ਜੰਡਿਆਲਾ ਗੁਰੂ ਤੋਂ ਸਾਬਕਾ ਚੇਅਰਮੈਨ ਕੰਵਰਦੀਪ ਸਿੰਘ ਮਾਨ ਜਲਾਲ ਇਕਬਾਲ ਸਿੰਘ ਮਾਨ ਜਲਾਲ ਭਰਾਵਾਂ ਦੇ ਨਾਲ ਪ੍ਰਧਾਨ ਜੱਥਾ ਆਕਾਲੀ ਦੱਲ ਦਿਹਾਤੀ ਸੀਨੀਅਰ ਲੀਡਰ ਰਾਜਵਿੰਦਰ ਸਿੰਘ ਰਾਜਾ ਲਦੇਹ ਨੇ ਦੁੱਖ ਦੀ ਘੜੀ ਵਿੱਚ ਦੁੱਖ ਸਾਂਝਾ ਕੀਤਾ ਉਨ੍ਹਾਂ ਨੇ ਨੇ ਕਿਹਾ ਕਿ ਸਾਡਾ ਭਰਾ ਅਮਰਦੀਪ ਸਿੰਘ ਮਾਨ ਜਲਾਲ ਦੀ ਹੋਈ ਮੌਤ ਘਾਟਾ ਕਦੇ ਵੀ ਨਹੀਂ ਪੂਰਾ ਹੋ ਸਕਦਾ ਨਾਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਮਾਨ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸ, ਰਾਜਾ ਨੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਸਾਡਾ ਵੀਰ ਅਮਰਦੀਪ ਸਿੰਘ ਮਾਨ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਿਸ਼ ਕਰਨ ਅਤੇ ਪਰਵਾਰ ਨੂੰ ਵਾਹਿਗੁਰੂ ਜੀ ਭਾਣਾ ਮੰਨਣ ਦਾ ਬੱਲ ਬਖਸਿਸ ਕਰਨ। ਇਹ ਮੌਕੇ ਤੇ ਰਾਜਵਿੰਦਰ ਸਿੰਘ ਰਾਜਾ ਲਦੇਹ ਸੀਨੀਅਰ ਲੀਡਰ ਅਕਾਲੀ ਦੱਲ ਜੱਥਾ ਪ੍ਰਧਾਨ ਦਿਹਾਤੀ, ਜਸਵੰਤ ਸਿੰਘ ਸਰਪੰਚ ਧਰਦਿਓ, ਕੁਲਵੀਰ ਸਿੰਘ ਧਰਦਿਓ, ਸਰਪੰਚ ਜਗਤਾਰ ਸਿੰਘ ਗਗੜ ਭਾਣਾ,ਗੁਰਧਿਆਨ ਸਿੰਘ ਸੀਨੀਅਰ ਅਕਾਲੀ ਲੀਡਰ, ਰਜਿੰਦਰ ਸਿੰਘ ਸਾਹ ਮਹਿਤਾ, ਰੁਪਿੰਦਰ ਸਿੰਘ ਟਕਾਪੁਰ, ਸੁਖਵੀਰ ਸਿੰਘ ਡਾਰੀਕੇ, ਕਰਮਜੀਤ ਸਿੰਘ ਝੋਜਟੀ,ਗੁਰਮੀਤ ਇਸ ਮਾਨ, ਜਸਵਿੰਦਰ ਸਿੰਘ ਰਵੀ ਚੰਨਣਕੇ, ਅਮਰਦੀਪ ਸਿੰਘ ਮਾਨ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਜਲਾਲ ਵਿੱਖੇ 18 ਮਈ 2025 ਦਿਨ ਐਤਵਾਰ ਨੂੰ 12 ਤੌਂ 1 ਵਜੇ ਪੈਣਗੇ।ਇਸ ਮੌਕੇ ਤੇ ਰਾਜਨੀਤਕ ਪਾਰਟੀਆ, ਧਾਰਮਿਕ ਜਥੇਬੰਦੀਆ, ਸਮਾਜ ਸੇਵੀ, ਸੰਤ ਮਹਾਪੁਰਸ਼, ਦੇਸਾ ਵਿਦੇਸਾਂ ਅਤੇ ਰਿਸਤੇਦਾਰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼ਹੀਦ ਭਾਈ ਪੰਜਵੜ੍ਹ ਦੀ ਸ਼ਹਾਦਤ ਕੌਮ ਲਈ ਚਾਨਣ ਮੁਨਾਰਾ-ਪੰਥਕ ਆਗੂ

# ਜਰਮਨੀ ’ਚ ਕਰਵਾਏ ਸ਼ਹੀਦੀ ਸਮਾਗਮ ’ਤੇ ਭਾਈ ਦਲਜੀਤ ਸਿੰਘ ਬਿੱਟੂ ਖਾਲਸਾ ਜੀ ਵੱਲੋਂ ਆਇਆ ਸੰਦੇਸ਼






























**ਫਰੈਕਫੋਰਟ, 13 ਮਈ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਲਹਿਰ ਦੇ ਮਹਾਨ ਜਰਨੈਲਾਂ ’ਚੋਂ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦਾ ਦੂਜਾ ਸ਼ਹੀਦੀ ਸਮਾਗਮ ਸਿੱਖ ਇਤਿਹਾਸ ਦੀਆਂ ਪਰੰਰਾਵਾਂ ਮੁਤਾਬਕ ਸਿੱਖ ਫੈਡਰੇਸ਼ਨ ਜਰਮਨੀ ਵੱਲੋਂ ਮਨਾਇਆ ਗਿਆ। ਗੁਰਦੁਆਰਾ ਸਿੱਖ ਸੈਂਟਰ ਫਰੈਕਫੋਰਟ ’ਚ ਕਰਵਾਏ ਸ਼ਹੀਦੀ ਸਮਾਗਮ ’ਚ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਬੋਲਦਿਆ ਕਿਹਾ ਕਿ ਭਾਰਤ ਦੀਆਂ ਖੁਫੀਆਂ ਹਿੰਸਕ ਏਜੰਸੀਆਂ ਵਿਦੇਸ਼ਾਂ ’ਚ ਸਰਗਰਮ ਖਾਲਸਤਾਨੀ ਯੋਧਿਆਂ ਨੂੰ ਸਰੀਰਕ ਤੌਰ ’ਤੇ ਕਤਲ ਕਰਵਾ ਕੇ ਨਾ ਉਹਨਾਂ ਦੀ ਸੋਚ ਨੂੰ ਮਲੀਆ ਮੇਟ ਕਰ ਸਕਦੀਆਂ ਹਨ ਤੇ ਨਾ ਹੀ ਸਿੱਖ ਕੌਮ ਨੂੰ ਉਹਨਾਂ ਦੀ ਅਜ਼ਾਦੀ ਦੇ ਨਿਸ਼ਾਨੇ ਤੋਂ ਥਿੜਕਾ ਸਕਦੀਆਂ ਹਨ। ਸਮਾਗਮ ਦੀ ਸ਼ੁਰੂਆਰ ਭਾਈ ਰਘਵੀਰ ਸਿੰਘ ਕੋਹਾੜ ਨੇ ਖਾਲਸਤਾਨ ਕਮਾਂਡੋ ਫੋਰਸ ਦੇ ਚੌਥੇ ਮੁਖੀ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਸਾਥੀ ਰਹੇ ਖਾੜਕੂ ਤੇ ਸਿੱਖ ਚਿੰਤਕ ਭਾਈ ਦਲਜੀਤ ਸਿੰਘ ਖਾਲਸਾ ਜੀ ਦੇ ਭੇਜੇ ਗਏ ਸੰਦੇਸ਼ ਨੂੰ ਪੜ੍ਹ ਕੇ ਕੀਤੀ। ਉਹਨਾਂ ਆਪਣੇ ਸੰਦੇਸ਼ ਵਿਚ ਕਿਹਾ ਕਿ ਸੰਸਾਰ ਦੇ ਬਦਲਦੇ ਹਾਲਤਾਂ ਤੇ ਜੀ.ਓ. ਪੋਲੀਟਿਕਸ ’ਚ ਸਿੱਖਾਂ ਨੂੰ ਇਸ ਸੰਘਰਸ਼ ਪ੍ਰਤੀ ਆਪਣੀਆਂ ਜਿੰਮੇਵਾਰੀਆਂ ਨੂੰ ਸਮਝ ਕੇ ਅੱਗੇ ਤੁਰਨਾ ਚਾਹੀਦਾ ਹੈ। ਭਾਈ ਦਲਜੀਤ ਸਿੰਘ ਨੇ ਕਿਹਾ ਕਿ ਅੱਜ ਦਾ ਇਹ ਖਾਲਸਤਾਨ ਲਈ ਕੀਤਾ ਜਾ ਰਿਹਾ ਸੰਘਰਸ਼ ਉਹਨਾਂ ਸ਼ਹੀਦ ਸਿੰਘਾਂ ਦੀ ਬਦੌਲਤ ਹੈ, ਜਿਹਨਾਂ ’ਚ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਵੀ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸ਼ਹੀਦੀ ਸਮਾਗਮ ’ਤੇ ਯੂਰਪ ਭਰ ਦੇ ਪੰਥਕ ਆਗੂਆਂ ਵੱਲੋਂ ਸ਼ਰਧਾ ਦ ਫੁੱਲ ਭੇਂਟ ਕਰਦਿਆ ਕਿਹਾ ਕਿ ਸਿੱਖ ਕੌਮ ਨੇ ਸਾਢੇ ਪੰਜ ਸੌ ਸਾਲਾਂ ਤੋਂ ਜੋ ਗੌਰਮਵਮਈ ਇਤਿਹਾਸ ਸਿਰਜਿਆ ਹੈ, ਉਹ ਪੂਰੇ ਸੰਸਾਰ ’ਤੇ ਇਕ ਅਨੋਖੀ ਸਿਮਾਲ ਬਣ ਗਿਆ ਹੈ। ਸਿੱਖ ਇਤਿਹਾਸ ਦਾ ਕੋਈ ਅਜਿਹਾ ਪੰਨਾ ਨਹੀਂ ਹੈ ਜਿਹੜਾ ਸ਼ਹੀਦਾਂ ਦੇ ਖ਼ੂਨ ਨਾਲ ਨਾ ਸਿਰਿਆ ਗਿਆ ਹੋਵੇ।

ਵੱਖ ਵੱਖ ਦੇਸ਼ਾਂ ਵਿਚੋਂ ਪੰਥਕ ਆਗੂਆਂ ਸਿੱਖ ਫੈਡਰੇਸ਼ਨ ਜਰਮਨੀ ਵੱਲੋਂ ਭਾਈ ਗੁਰਮੀਤ ਸਿੰਘ ਖਨਿਆਣ, ਸਿੱਖ ਫੈਡਰੇਸ਼ਨ ”™ ਭਾਈ ਕੁਲਦੀਪ ਸਿੰਘ ਚਹੇੜੂ, ਸਿੱਖ ਫੈਡਰੇਸਨ ਫਰਾਂਸ ਭਾਈ ਕਸ਼ਮੀਰ ਸਿੰਘ ਗੋਸਲ, ਭਾਈ ਰਘਵੀਰ ਸਿੰਘ ਕੋਹਾੜ, ਸ਼੍ਰੋਮਣੀ ਅਕਾਲੀ ਦਲ ਫਰਾਂਸ ਭਾਈ ਚੈਨ ਸਿੰਘ, ਭਾਈ ਪਰਮਜੀਤ ਸਿੰਘ ਸੋਹਲ, ਸਿੱਖ ਫੈਡਰੇਸ਼ਨ ਬੈਲਜੀਅਮ ਭਾਈ ਮਨਜੋਤ ਸਿੰਘ ਭੂਰਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਭਾਈ ਹੀਰਾ ਸਿੰਘ ਮੱਤੇਵਾਲ, ਦਲ ਖ਼ਾਲਸਾ ਜਰਮਨੀ ਭਾਈ ਨਿਰਮਲ ਸਿੰਘ ਹੰਸਪਾਲ, ਬੱਬਰ ਖਾਲਸਾ ਜਰਮਨੀ ਵੱਲੋਂ ਭਾਈ ਰਜਿੰਦਰ ਸਿੰਘ ਬੱਬਰ, ਬਰਲਡ ਸਿੱਖ ਪਾਰਲੀਮੈਂਟ ਭਾਈ ਗੁਰਚਰਨ ਸਿੰਘ ਨੇ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆ ਕਿਹਾ ਕਿ ਇੰਡੀਅਨ ਸਟੇਟ ਦੇ ਹੁਕਮਰਾਨਾਂ ਦੀਆਂ ਏਜੰਸੀਆਂ ਵੱਲੋਂ ਵਿਦੇਸ਼ਾਂ ਵਿਚ ਖਾਲਸਤਾਨ ਲਈ ਸੰਘਰਸ਼ਸੀਲ ਸਿੰਘਾਂ ਨੂੰ ਭਾੜੇ ਦੇ ਟੱਟੂਆਂ ਤੋਂ ਕਰਵਾਏ ਗਏ ਕਤਲ ਸਾਨੂੰ ਖਾਲਸਤਾਨ ਦੀ ਮੰਜ਼ਲ ਤੋਂ ਥਿੜਕਾ ਨਹੀਂ ਸਕਦੇ ਤੇ ਸ਼ਹੀਦ ਭਾਈ ਪੰਜਵੜ੍ਹ ਦੀ ਸ਼ਹਾਦਤ ਕੌਮ ਲਈ ਚਾਨਣ ਮੁਨਾਰਾ ਹੈ।

ਪੰਥਕ ਆਗੂਆਂ ਨੇ ਕਿਹਾ ਕਿ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਪਰਿਵਾਰ ’ਤੇ ਸਰਕਾਰੀ ਤਸ਼ੱਦਦ ਦੇ ਢਾਹੇ ਕਹਿਰ ਦੀ ਖ਼ੂਨੀ ਦਾਸਤਾਨ ’ਚ ਮਾਤਾ ਮਹਿੰਦਰ ਕੌਰ ਤੇ ਛੋਟੇ ਭਰਾਤਾ ਭਾਈ ਰਾਜਵਿੰਦਰ ਸਿੰਘ ਰਾਜੂ, ਜਿਹਨਾਂ ਨੂੰ ਪੰਜਾਬ ਪੁਲਿਸ ਨੇ ਘਰੋਂ ਦਿਨ ਦਿਹਾੜੇ ਚੁੱਕ ਕੇ ਅੰਨਾ ਤਸ਼ੱਦਦ ਕਰਨ ਬਾਅਦ ਖਪਾ ਦਿੱਤੇ ਸਨ, ਨੂੰ ਯਾਦ ਕਰਦਿਆ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਹਨਾਂ ਕਿਹਾ ਕਿ ਪਰਿਵਾਰ ਦੀਆਂ ਬਾਕੀ ਸ਼ਹੀਦੀਆਂ ਵਾਂਗ ਸ਼ਹੀਦ ਭਾਈ ਪੰਜਵੜ੍ਹ ਦੀ ਜੀਵਨ ਸਾਥਣ ਬੀਬੀ ਪਾਲਜੀਤ ਕੌਰ ਦੀਆਂ ਪੰਥਕ ਸੇਵਾਵਾਂ ਵੀ ਪ੍ਰੇਰਨਾ ਸਰੋਤ ਹਨ।

ਸਮੁੱਚੇ ਸਮਾਗਮ ਦੀ ਸਟੇਜ ਸੇਵਾ ਭਾਈ ਗੁਰਦਿਆਲ ਸਿੰਘ ਲਾਲੀ ਵੱਲੋਂ ਬਾਅਖ਼ੂਬੀ ਨਿਭਾਈ ਗਈ। ਸ਼ਹੀਦੀ ਸਮਾਗਮ ਦੌਰਾਨ ਭਾਈ ਅਨੂਪ ਸਿੰਘ ਪ੍ਰਧਾਨ ਗੁਰਦੁਆਰਾ ਸਿੱਖ ਸ਼ੈਟਰ, ਭਾਈ ਅਮਰਜੀਤ ਸਿੰਘ ਮੰਗੂਪੁਰ, ਭਾਈ ਸੁਖਦੇਵ ਸਿੰਘ ਹੇਰਾਂ ਫੇਡਰੇਸ਼ਨ ਆਗੂ , ਸਪੋਟਸ ਕਲੱਬ ਘਲੋਟੀ ਭਾਈ ਦਵਿੰਦਰ ਸਿੰਘ ਘਲੋਟੀ, ਭਾਈ ਪਰਮਜੀਤ ਸਿੰਘ ਪੰਮਾਂ ,ਭਾਈ ਅਵਤਾਰ ਸਿੰਘ ਬੱਬਰ, ਦਲ ਖ਼ਾਲਸਾ ਭਾਈ ਅੰਗਰੇਜ਼ ਸਿੰਘ , ਭਾਈ ਗੁਰਦੀਪ ਸਿੰਘ ਪ੍ਰਦੇਸੀ , ਭਾਈ ਗੁਰਦਿਆਲ ਸਿੰਘ ਢੰਕਾਸ਼ੂ, ਭਾਈ ਗੁਰਦੇਵ ਸਿੰਘ ਸਿੰਘ ਪੱਪੀ ਬੈਲਜੀਅਮ , ਭਾਈ ਸੋਹਣ ਸਿੰਘ ਧਾਰੀਵਾਲ, ਭਾਈ ਹਰਿੰਦਰ ਸਿੰਘ ਢਿੱਲੋ, ਭਾਈ ਦਲਬਾਗ ਸਿੰਘ ਬਾਘਾ, ਭਾਈ ਜਸਕਰਨ ਸਿੰਘ ਪੰਜਵੜ੍ਹ , ਭਾਈ ਰਾਜਵਿੰਦਰ ਸਿੰਘ ਰਾਜੂ ਆਦਿ ਸਿੰਘਾਂ ਹਾਜਰੀ ਭਰੀ। ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਸਪੁੱਤਰ ਭਾਈ ਸਾਹਬਾਜ ਸਿੰਘ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਿਕ ਕਮੇਟੀ ਅਤੇ ਸਮੂੰਹ ਪੰਥਕ ਜਥੇਬੰਦੀਆ ਵੱਲੋਂ ਸਰੋਪਾ ਭੇਟ ਕੀਤਾ ਗਿਆ। ਭਾਈ ਸਤਪਾਲ ਸਿੰਘ ਗਰਚਾ ਅਸਟਰੀਆ ਵਾਲੇ ਢਾਡੀ ਜਥੇ ਨੇ ਜੋਸੀਲੀਆ ਵਾਰਾਂ ਨਾਲ ਸਿੱਖ ਇਤਿਹਾਸ ਸੁਣਾਕੇ ਸੰਗਤਾਂ ਨੂੰ ਨਿਹਾਲ ਕੀਤਾ।

# ਹਲਕਾ ਮਜੀਠਾ 'ਚ ਜ਼ਹਿਰੀਲੀ ਸ਼ਰਾਬ ਨੇ ਢਾਹਿਆ ਕਹਿਰ, ਮੁੱਖ ਮੰਤਰੀ ਮੌਕੇ 'ਤੇ ਪਹੁੰਚੇ




ਆਵਾਜ਼ਿ ਕੌਮ AWAZE QAUM International Newspaper & WEB TV




ਹਲਕਾ ਮਜੀਠਾ ਦੇ ਪਿੰਡਾਂ 'ਚ ਜ਼ਿਹਰੀਲੀ ਸ਼ਰਾਬ ਪੀਣ ਨਾਲ ਜਾਨਾਂ ਗਵਾਉਣ ਵਾਲੇ ਪੀੜਤਾਂ ਦੇ ਪਰਿਵਾਰਾਂ ਨੂੰ ਮਿਲਕੇ ਦੁੱਖ ਵੰਡਾਇਆ। ਮਾਮਲੇ ਦੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਗਾਤਾਰ ਹੋ ਰਹੀ ਹੈ। ਲਾਪਰਵਾਹੀ ਵਰਤਣ ਵਾਲੇ ਅਧਿਕਾਰੀ ਸਸਪੈਂਡ ਵੀ ਕੀਤੇ ਗਏ ਨੇ। ਲੋਕਾਂ ਨੂੰ ਸ਼ਰਾਬ ਦੇ ਨਾਮ 'ਤੇ ਜ਼ਿਹਰ ਵੇਚਣ ਵਾਲੇ ਭਾਵੇਂ ਕਿੰਨੇ ਹੀ ਵੱਡੇ ਰਸੂਖਦਾਰ ਲੀਡਰ ਹੋਣ, ਚਾਹੇ ਕੋਈ ਪੁਲਿਸ ਅਧਿਕਾਰੀ ਹੋਵੇ, ਕੋਈ ਵੀ ਬਖ਼ਿਸ਼ਆ ਨਹੀਂ ਜਾਵੇਗਾ। ਨਾਲ ਹੀ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਘਰ-ਘਰ ਜਾ ਕੇ ਫਾਈਲਾਂ ਤਿਆਰ ਕਰਨ, ਜਾਨ ਗੁਆਉਣ ਵਾਲੇ ਹਰੇਕ ਪਰਿਵਾਰ ਨੂੰ ਸਰਕਾਰ ਵੱਲੋਂ ਆਰਥਿਕ ਸਹਾਇਤਾ ਵਜੋਂ 10-10 ਲੱਖ ਰੁਪਏ ਤੇ ਹਰ ਸੰਭਵ ਮਦਦ ਅਤੇ ਸਹਿਯੋਗ ਦਿੱਤਾ ਜਾਵੇਗਾ।







### ਯੂਪੀ ਵਿਖੇ ਸਥਿਤ ਗੁਰਦੁਆਰਾ ਸ੍ਰੀ ਮੈਨੀਆ ਸਾਹਿਬ ਵਿਖੇ ਪਹਿਲਗਾਮ ਦੇ ਸ਼ਹੀਦਾਂ ਤੇ ਦੋਹਾਂ ਮੁਲਕਾਂ 'ਚ ਤਨਾਅ ਘਟਣ ਦੇ ਸ਼ੁਕਰਾਨੇ ਵਜੋਂ

# ਤਿੰਨ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਧਾਰਮਿਕ ਦੀਵਾਨ ਸਜਾਏ : ਭਾਈ ਵਿਰਸਾ ਸਿੰਘ ਖਾਲਸਾ







**ਜੰਡਿਆਲਾ ਗੁਰੂ 13 ਮਈ ( ਕੁਲਵੰਤ ਸਿੰਘ ਵਿਰਦੀ)**-ਗੁਰਦੁਆਰਾ ਸ੍ਰੀ ਮੈਨੀਆ ਸਾਹਿਬ ਗੰਗਸਰ ਤਹਿਸੀਲ ਪੁਵਾਇਆ ਜ਼ਿਲ੍ਹਾ ਸ਼ਾਹਜਹਾਨਪੁਰ ਯੂਪੀ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਅਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਦੀ ਦੇਖ ਰੇਖ ਹੇਠ ਸਮੇਤ ਸਥਾਨਕ ਸੰਗਤਾਂ ਦੇ ਸਹਿਯੋਗ ਨਾਲ ਪਹਿਲਗਾਮ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਅਤੇ ਦੋਹਾਂ ਮੁਲਕਾਂ 'ਚ ਤਨਾਅ ਘਟਣ ਦੇ ਸ਼ੁਕਰਾਨੇ ਵਜੋਂ ਤਿੰਨ ਅਖੰਡ ਪਾਠ ਸਾਹਿਬ ਸਮੇਤ ਜਪੁਜੀ ਸਾਹਿਬ ਦੇ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਨੇ ਹਾਜ਼ਰੀ ਲਵਾਈ ਤੇ ਪਹਿਲਗਾਮ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਅਤੇ ਦੋਹਾਂ ਮੁਲਕਾਂ ਵਿੱਚ ਤਨਾਹ ਘੱਟਣ ਦੇ ਸ਼ੁਕਰਾਨੇ ਦੀ ਅਰਦਾਸ ਕੀਤੀ ਹੈ, ਸਮੂਹ ਧਾਰਮਿਕ ਬੁਲਾਰਿਆਂ ਤੇ ਹੋਰ ਧਾਰਮਿਕ ਸਖਸ਼ੀਅਤਾਂ ਨੂੰ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨਾਲ ਇਸ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਸਮਾਗਮ ਦੇ ਸਬੰਧ ਵਿੱਚ ਪਰਸੋਂ ਦੇ ਰੋਜ਼ ਤੋਂ ਰੱਖੇਂ ਅਖੰਡ ਪਾਠ ਸਾਹਿਬ ਸਾਹਿਬ ਦੇ ਭੋਗ ਪਾਉਣ ਤੋਂ ਉਪਰੰਤ ਪਵਿੱਤਰ ਹੁਕਮ ਨਾਮੇ ਦੀ ਕਥਾ ਸੰਤ ਮਹਾਂਪੁਰਸ਼ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਕੀਤੀ ਗਈ,ਭਾਈ ਖਾਲਸਾ ਨੇ ਦੱਸਿਆ ਸ਼ਬਦ ਗੁਰਬਾਣੀ ਕੀਰਤਨ ਦੀ ਸੇਵਾ ਭਾਈ ਪਰਮਜੀਤ ਸਿੰਘ,ਭਾਈ ਓਂਕਾਰ ਸਿੰਘ ਤੇ ਭਾਈ ਦਾਰਾ ਸਿੰਘ ਆਦਿ ਦੇ ਕੀਰਤਨੀ ਜਥੇ ਵੱਲੋਂ ਨਿਭਾਈ ਗਈ ਅਤੇ ਜਿਥੇ ਪਹਿਲਗਾਮ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਉਥੇ ਭਾਰਤ ਪਾਕਿਸਤਾਨ ਵੱਲੋਂ ਜੰਗਬੰਦੀ ਕਰਨ ਅਤੇ ਦੋਹਾਂ ਮੁਲਕਾਂ 'ਚ ਤਨਾਹ ਘੱਟਣ ਸਬੰਧੀ ਸਤਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਗਿਆ, ਭਾਈ ਖਾਲਸਾ ਨੇ ਦੱਸਿਆ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨੇ ਇਸ ਮੌਕੇ ਤੇ ਜਿਥੇ ਹੁਕਮਨਾਮੇ ਦੀ ਕਥਾ ਵਿਚਾਰ ਕਰਦਿਆਂ ਸਤਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ, ਉਨ੍ਹਾਂ ਸੰਤ ਸੁਖਵਿੰਦਰ ਸਿੰਘ ਜੀ ਨੇ ਸਪੱਸ਼ਟ ਕੀਤਾ ਜੰਗ ਕਿਸੇ ਮਸਲੇ ਦਾ ਹੱਲ ਨਹੀਂ ? ਸਗੋਂ ਨਿਰਦੋਸ਼ ਲੋਕਾਂ ਦੀਆਂ ਮੌਤਾਂ ਹੁੰਦੀਆਂ ਹਨ ਅਤੇ ਦੇਸ਼ ਵਿੱਚ ਤਬਾਹੀ ਮਚ ਜਾਂਦੀ ਹੈ,ਇਸ ਕਰਕੇ ਦੋਹਾਂ ਮੁਲਕਾਂ ਵੱਲੋਂ ਅਮਰੀਕਾ ਦੇ ਪ੍ਰਧਾਨ ਮੰਤਰੀ ਡੋਰਨਡ ਟ੍ਰੰਪ ਦੀ ਵਿਚੋਲਗੀ ਪ੍ਰਵਾਨ ਕਰਦਿਆਂ ਜੰਗਬੰਦੀ ਕਰਨ ਵਾਲੇ ਫੈਸਲੇ ਦਾ ਸਵਾਗਤ ਅਤੇ ਸਤਿਗੁਰੂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ , ਇਸ ਮੌਕੇ ਤੇ ਸ੍ਰ ਜਗਤਾਰ ਸ੍ਰ ਰਵਿੰਦਰ ਸਿੰਘ, ਸ੍ਰ ਮਲਕੀਤ ਸਿੰਘ, ਬਾਬਾ ਦਾਰਾ ਸਿੰਘ, ਭਾਈ ਪਰਮਜੀਤ ਸਿੰਘ ਤੋਂ ਇਲਾਵਾ ਸੈਂਕੜੇ ਸੰਗਤਾਂ ਹਾਜ਼ਰ ਸਨ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਅਤੇ ਸਨਮਾਨ ਯੋਗ ਹਸਤੀਆਂ ਦਾ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਆਲੋਵਾਲ ਨੰਗਲ ਬੇਟ ਫਿਲੌਰ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸੀਰੀ ਪਾਓ ਦੇ ਕੇ ਨਿਵਾਜਿਆ ਗਿਆ ।

# ਹੁਣ 10 ਸਾਲ ਬਾਅਦ ਮਿਲੇਗੀ ਨਾਗਰਿਕਤਾ

## ਬਰਤਾਨੀਆ ਸਰਕਾਰ ਵਲੋਂ ਇਮੀਗ੍ਰੇਸ਼ਨ ਨਿਯਮਾਂ ਵਿਚ ਵੱਡੀ ਤਬਦੀਲੀ

**ਲੰਡਨ • ਆਵਾਜ਼ਿ ਕੌਮ ਬਿਊਰੋ**

ਬਰਤਾਨੀਆ ਸਰਕਾਰ ਵਲੋਂ ਇਮੀਗ੍ਰੇਸ਼ਨ ਨਿਯਮਾਂ ਵਿਚ ਵੱਡੀ ਤਬਦੀਲੀ ਕੀਤੀ ਗਈ ਹੈ । ਪ੍ਰਵਾਸੀਆਂ ਦੀ ਗਿਣਤੀ ਘਟਾਉਣ ਲਈ ਸਰਕਾਰ ਨੇ ਸਖ਼ਤ ਫ਼ੈਸਲਾ ਲਿਆ ਹੈਠ ਜਿਸ ਦੇ ਤਹਿਤ ਕਿਸੇ ਵੀ ਵਿਅਕਤੀ ਨੂੰ ਪੰਜ ਸਾਲ ਦੀ ਬਜਾਏ 10 ਸਾਲ ਬਾਅਦ ਬਰਤਾਨੀਆ ਦੀ ਨਾਗਰਿਕਤਾ ਮਿਲੇਗੀ । ਨਵੀਂ ਇਮੀਗ੍ਰੇਸ਼ਨ ਪ੍ਰਣਾਲੀ ਬਾਰੇ ਐਲਾਨ ਕਰਦਿਆਂ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਸਸਤੀ ਵਿਦੇਸ਼ੀ ਲੇਬਰ ਤੇ ਰੋਕ ਲਾਉਂਦਿਆਂ ਅੰਗਰੇਜ਼ੀ ਭਾਸ਼ਾ ਦੇ ਚੰਗੇ ਗਿਆਨ ਹੋਣ ਨੂੰ ਲਾਜ਼ਮੀ ਕਰ ਦਿੱਤਾ ਹੈ । ਸਰਕਾਰ ਨੂੰ ਅਨੁਮਾਨ ਹੈ ਕਿ ਇਨ੍ਹਾਂ ਨਿਯਮਾਂ ਨਾਲ ਮਾਈਗ੍ਰੇਸ਼ਨ ਅੰਕੜੇ ਘੱਟ ਹੋਣਗੇ। ਇਸ ਸਬੰਧ ਵਿਚ ਸਟਾਰਮਰ ਨੇ ਕਿਹਾ ਹੈ ਕਿ ਕੰਮ, ਪਰਿਵਾਰ ਤੇ ਪੜ੍ਹਾਈ ਨਾਲ ਸਬੰਧਿਤ ਹਰ ਇਮੀਗ੍ਰੇਸ਼ਨ ਸ਼੍ਰੇਣੀ ਵਿਚ ਸਖ਼ਤੀ ਲਾਗੂ ਕੀਤੀ ਜਾਵੇਗੀ। ਕਾਨੂੰਨ ਦੀ ਪਾਲਣਾ ਕਰਨਾ ਲਾਜ਼ਮੀ ਹੋਵੇਗਾ ਤੇ ਇਮੀਗ੍ਰੇਸ਼ਨ ਦੀ ਗਿਣਤੀ ਘਟੇਗੀ । ਉਨ੍ਹਾਂ ਕਿਹਾ ਕਿ ਅਸੀਂ ਇੱਕ ਨਿਯੰਤਰਿਤ, ਚੋਣਵੀਂ ਤੇ ਨਿਰਪੱਖ ਪ੍ਰਣਾਲੀ ਬਣਾਵਾਂਗੇ। ਇਸ ਦੌਰਾਨ ਗ੍ਰਹਿ ਮੰਤਰੀ ਯਵੇਟ ਕੂਪਰ ਨੇ ਕਿਹਾ ਕਿ ਸਰਕਾਰ ਹੁਣ ਕੋਈ ਨਵਾਂ ਇਮੀਗ੍ਰੇਸ਼ਨ ਟੀਚਾ ਨਿਰਧਾਰਤ ਨਹੀਂ ਕਰੇਗੀ। ਇਸ ਦੀ ਬਜਾਏ ਸਰਕਾਰ ਘੱਟ ਹੁਨਰਮੰਦ ਕਾਮਿਆਂ ਨੂੰ ਦਿੱਤੇ ਜਾਣ ਵਾਲੇ ਵੀਜ਼ਿਆਂ ਦੀ ਗਿਣਤੀ ਘਟਾ ਦੇਵੇਗੀ । ਉਨ੍ਹਾਂ ਕਿਹਾ ਕਿ 2025 ਵਿਚ ਅਜਿਹੇ ਵੀਜ਼ੇ 50,000 ਘਟਾ ਦਿੱਤੇ ਜਾਣਗੇ। ਗੌਰਤਲਬ ਹੈ ਕਿ ਯੂਰਪੀਅਨ ਯੂਨੀਅਨ ਤੋਂ ਵੱਖ ਹੋਣ ਤੋਂ ਬਾਅਦ ਬਰਤਾਨੀਆ ਨੇ ਤੁਰੰਤ ਨਵੇਂ ਮੈਂਬਰ ਦੇਸ਼ਾਂ ਦੇ ਲੋਕਾਂ ਲਈ ਆਪਣੇ ਦਰਵਾਜ਼ੇ ਖੋਲ੍ਹ ਦਿੱਤੇ । ਉਦੋਂ ਤੋਂ ਲੱਖਾਂ ਪ੍ਰਵਾਸੀ ਬਰਤਾਨੀਆ ਆਏ ਹਨ । 2016 ਦੇ ਬ੍ਰੈਗਜ਼ਿਟ ਵੋਟ ਦਾ ਮੁੱਖ ਕਾਰਨ ਇਮੀਗ੍ਰੇਸ਼ਨ ਸੀ ਪਰ ਬ੍ਰੈਗਜ਼ਿਟ ਤੋਂ ਬਾਅਦ ਵੀ ਵੀਜ਼ਾ 'ਤੇ ਆਉਣ ਵਾਲੇ ਲੋਕਾਂ ਦੀ ਗਿਣਤੀ ਘੱਟ ਨਹੀਂ ਹੋਈ । ਜੇਕਰ ਅਸੀਂ ਮੌਜੂਦਾ ਸਥਿਤੀ ਬਾਰੇ ਗੱਲ ਕਰੀਏ ਤਾਂ ਜੂਨ 2024 ਤੱਕ ਸਾਲਾਨਾ ਸ਼ੁੱਧ ਇਮੀਗ੍ਰੇਸ਼ਨ (ਜਾਣ ਵਾਲਿਆਂ ਨੂੰ ਘਟਾ ਕੇ) 7,28,000 ਸੀ। ਇਹ ਅੰਕੜਾ ਪਿਛਲੇ ਸਾਲ ਨਾਲੋਂ 20 ਫੀਸਦੀ ਘੱਟ ਹੈ, ਪਰ ਫਿਰ ਵੀ 2010 ਵਿਚ ਨਿਰਧਾਰਤ 1 ਲੱਖ ਦੇ ਟੀਚੇ ਨਾਲੋਂ ਸੱਤ ਗੁਣਾ ਜ਼ਿਆਦਾ ਹੈ। ਪਿਛਲੇ ਸਾਲ 37,000 ਲੋਕ ਛੋਟੀਆਂ ਕਿਸ਼ਤੀਆਂ ਵਿਚ ਗੈਰ-ਕਾਨੂੰਨੀ ਤੌਰ 'ਤੇ ਇੰਗਲਿਸ਼ ਚੈਨਲ ਪਾਰ ਕਰਕੇ ਬਰਤਾਨੀਆ ਪਹੁੰਚੇ। ਜਿਸ ਤੋਂ ਬਾਅਦ ਸਰਕਾਰ ਨੇ ਵਧੇਰੇ ਸਖ਼ਤ ਰੁੱਖ ਅਖ਼ਤਿਆਰ ਕਰਨੇ ਸ਼ੁਰੂ ਕਰ ਦਿੱਤੇ ।




# ਕਿਸਾਨ ਯੂਨੀਅਨ ਵਲੋਂ ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਮ੍ਰਿਤਕ ਦੇਹ ਦਾ ਸਸਕਾਰ ਨਾ ਕਰਨ ਦਾ ਐਲਾਨ





**ਤਲਵੰਡੀ ਸਾਬੋ, 13 ਮਈ(ਗੁਰਜੰਟ ਸਿੰਘ ਨਥੇਹਾ)**-ਵਿਧਾਨ ਸਭਾ ਚੋਣ ਲੜ ਚੁੱਕੇ ਕਿਸਾਨ ਆਗੂ ਦਵਿੰਦਰ ਸਿੰਘ ਸਰਾਂ ਦਾ ਜ਼ਮੀਨੀ ਵਿਵਾਦ ਦੇ ਚਲਦਿਆਂ ਬੀਤੇ ਦਿਨ ਪੁੱਤਰ ਹੱਥੋਂ ਕਤਲ ਹੋਣ ਉਪਰੰਤ ਅੱਜ ਭਾਰਤੀ ਕਿਸਾਨ ਯੂਨੀਅਨ ਮਾਨਸ ਦੀ ਸੂਬਾ ਇਕਾਈ ਨੇ ਸੂਬਾ ਆਗੂ ਸੁਰਜੀਤ ਸਿੰਘ ਦੀ ਅਗਵਾਈ ਵਿਚ ਸਥਾਨਕ ਡੀ.ਐੱਸ.ਪੀ. ਦਫਤਰ ਅੱਗੇ ਸੰਕੇਤਕ ਪ੍ਰਦਰਸ਼ਨ ਕੀਤਾ, ਜਿਸ ਵਿਚ ਪਹੁੰਚ ਕੇ ਡੀ.ਐੱਸ.ਪੀ ਰਾਜੇਸ਼ ਸਨੇਹੀ ਨੇ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਵਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਜਲਦ ਕਥਿਤ ਦੋਸ਼ੀਆਂ ਨੂੰ ਫੜ ਲਿਆ ਜਾਵੇਗਾ ਜਦੋਂਕਿ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ 14 ਮਈ ਨੂੰ ਸਵੇਰੇ 10 ਵਜੇ ਤੱਕ ਮਾਮਲੇ ਵਿਚ ਨਾਮਜ਼ਦ ਕਥਿਤ ਦੋਸ਼ੀ ਫੜੇ ਨਾ ਗਏ ਤਾਂ ਮਰਹੂਮ ਕਿਸਾਨ ਆਗੂ ਦੀ ਮ੍ਰਿਤਕ ਦੇਹ ਡੀ.ਐੱਸ.ਪੀ ਦਫਤਰ ਅੱਗੇ ਰੱਖੀ ਜਾਵੇਗੀ ਅਤੇ ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਨਹੀਂ ਕੀਤਾ ਜਾਵੇਗਾ।

# ਦਿੱਲੀ ਗੁਰਦੁਆਰਾ ਕਮੇਟੀ ਪ੍ਰਬੰਧਕ ਵਿਰੋਧੀ ਮੈਂਬਰਾਂ ਨੂੰ ਨਿੱਜੀ ਲਾਲਚ ਦੇਕੇ ਆਪਣੀ ਪਾਰਟੀ 'ਚ ਕਰ ਰਹੇ ਹਨ ਸ਼ਾਮਿਲ : ਜਤਿੰਦਰ ਸਿੰਘ ਸੋਨੂੰ



ਨਵੀਂ ਦਿੱਲੀ 13 ਮਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਸਰਕਾਰੀ ਸ਼ਿਹ ਨਾਲ ਕਾਬਜ਼ ਹੋਏ ਮੌਜੂਦਾ ਪ੍ਰਬੰਧਕ ਹਰਮੀਤ ਸਿੰਘ ਕਾਲਕਾ , ਜਗਦੀਪ ਸਿੰਘ ਕਾਹਲੋਂ ਤੇ ਇਹਨਾਂ ਦਾ ਆਕਾ ਮਨਜਿੰਦਰ ਸਿੰਘ ਸਿਰਸਾ ਜੋ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਗੁਰੂ ਘਰਾਂ ਤੇ ਸੰਸਥਾ ਤੇ ਲੁੱਟ ਤੇ ਖਾਣ ਤੋਂ ਬਾਅਦ ਹੁਣ ਸਿੰਘ ਸਭਾ ਦੇ ਗੁਰੂ ਘਰਾਂ ਤੇ ਕਬਜ਼ੇ ਕਰਨ ਤੇ ਉਤਰ ਆਏ ਹਨ ਤੇ ਕਿ ਉਹਨਾਂ ਤੇ ਕਾਬਜ਼ ਹੋਕੇ ਉੱਥੇ ਵੀ ਸਿੱਖੀ ਸਿਧਾਂਤਾਂ ਦਾ ਘਾਣ ਕਰ ਸਕਣ ਤੇ ਗੁਰੂ ਘਰਾਂ ਦੀ ਗੋਲਕ ਲੁੱਟ ਸਕਣ । ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਜਤਿੰਦਰ ਸਿੰਘ ਸੋਨੂੰ ਨੇ ਪ੍ਰੈੱਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਇਸਦੀ ਤਾਜ਼ਾ ਮਿਸਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨੇਤਾ ਜੀ ਨਗਰ (ਸਰੋਜਨੀ ਨਗਰ) ਹੈ ਜਿੱਥੇ ਇਹਨਾਂ ਨੇ ਕਬਜ਼ੇ ਦੀ ਕੋਸ਼ਿਸ਼ ਕੀਤੀ ਪਰ ਸਾਡੇ ਸਤਿਕਾਰਯੋਗ ਮੈਂਬਰ ਸ. ਸਤਨਾਮ ਸਿੰਘ ਖੀਵਾ ਦੇ ਯਤਨਾਂ ਨਾਲ ਸਦਕਾ ਇਹ ਅਸਫ਼ਲ ਹੋ ਗਏ । ਪਰ ਫੇਰ ਵੀ ਇਹ ਲੋਕ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ਼ ਨਹੀਂ ਆ ਰਹੇ । ਇਹੋ ਜਿਹੀਆਂ ਹਰਕਤਾਂ ਕਾਰਨ ਹੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਆ ਰਹੀ ਚੋਣ ਲਈ ਇਹਨਾਂ ਲੋਕਾਂ ਨੂੰ ਚੋਣ ਲੜਨ ਲਈ ਉਮੀਦਵਾਰ ਨਹੀ ਮਿਲ ਰਹੇ ਤੇ ਇਹ ਲੋਕ ਨਿੱਜੀ ਲਾਲਚ ਦੇ ਕੇ ਹੋਰਨਾਂ ਮੈਂਬਰਾਂ ਨੂੰ ਆਪਣੇ 'ਚ ਸ਼ਾਮਲ ਕਰ ਰਹੇ ਹਨ । ਇਹਨਾਂ ਦੀਆਂ ਇਹੋ ਜਿਹੀਆਂ ਹਰਕਤਾਂ ਕਾਰਨ ਅਦਾਲਤਾਂ ਵਿੱਚ ਇਹਨਾਂ ਦੇ ਕੇਸ ਚੱਲ ਰਹੇ ਹਨ ਤੇ ਦਿੱਲੀ ਕਮੇਟੀ ਦੀਆਂ ਜਾਇਦਾਦਾਂ ਨਿਲਾਮ ਹੋਣ ਤੱਕ ਦੀ ਨੌਬਤ ਆ ਗਈ ਹੈ ਤੇ ਸਿੱਖ ਸਿਧਾਂਤਾਂ ਦਾ ਲਗਾਤਾਰ ਘਾਣ ਹੋ ਰਿਹਾ ਹੈ । ਇਸ ਲਈ ਹੁਣ ਦਿੱਲੀ ਦੀ ਸੰਗਤ ਲਈ ਸੋਚਣ ਦਾ ਵੇਲਾ ਵੀ ਹੈ ਤੇ ਪੰਥਕ ਸਰਮਾਏ ਨੂੰ ਸੰਭਾਲਣ ਦਾ ਵੀ ਕਿ ਉਹ ਇਹਨਾਂ ਸਰਕਾਰੀ ਮਸੰਦਾਂ ਨੂੰ ਗੁਰੂ ਘਰਾਂ ਦੇ ਪ੍ਰਬੰਧ ਤੋਂ ਲਾਂਭੇ ਕਰਨ ਤੇ ਸਿੱਖੀ ਸਿਧਾਂਤਾਂ ਤੇ ਸਾਡੇ ਪੁਰਖਿਆਂ ਦੀਆਂ ਬਣਾਈਆਂ ਜਾਇਦਾਦਾਂ ਬਚਾਉਣ ਲਈ ਅੱਗੇ ਆਉਣ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਧੰਨ ਧੰਨ ਗੁਰੂ ਅਮਰਦਾਸ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਚੌਕ ਮਹਿਤਾ, 13 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਤਰਨ ਤਾਰਨ ਰੋਡ ਅੰਮ੍ਰਿਤਸਰ ਵਿਖੇ ਅਨੰਦ ਸਾਹਿਬ ਦੀ ਪਾਵਨ ਬਾਣੀ ਦੇ ਰਚਨਹਾਰ, ਸੇਵਾ ਅਤੇ ਸਿਮਰਨ ਦੀ ਮੂਰਤਿ, ਧੰਨ-ਧੰਨ ਸ੍ਰੀ ਗੁਰੂ ਅਮਰਦਾਸ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਭਾਵਨਾ, ਪਿਆਰ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਜਿਸ ਵਿੱਚ ਭਾਈ ਹਰਜੀਤ ਸਿੰਘ ਜੀ,ਭਾਈ ਗੁਰਪ੍ਰੀਤ ਸਿੰਘ ,ਭਾਈ ਕਵਲਜੀਤ ਸਿੰਘ ਹਜ਼ੂਰੀ ਰਾਗੀ ਜੱਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਹਾਜ਼ਰੀ ਭਰੀ ਰਾਗੀ ਜੱਥੇ ਵਲੋਂ ਕੀਰਤਨ ਅਤੇ ਕਥਾ ਵੀਚਾਰਾਂ ਉਪਰੰਤ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਆਈਆਂ ਹੋਈਆਂ ਸੰਗਤਾਂ ਅਤੇ ਸਿੱਖ ਜਗਤ ਨੂੰ ਵਧਾਈ ਦਿੱਤੀ ਇਸ ਮੌਕੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਲੋ ਰਾਗੀ ਜੱਥੇ ਨੂੰ ਸਨਮਾਨਿਤ ਕੀਤਾ ਗਿਆ

**ਮਜੀਠਾ ਨਕਲੀ ਸ਼ਰਾਬ ਮਾਮਲਾ**

# ਸਰਗਨਾ ਸਮੇਤ 10 ਦੋਸ਼ੀ ਗ੍ਰਿਫ਼ਤਾਰ, ਡੀਐਸਪੀ ਅਤੇ ਐਸਐਚਓ ਨੂੰ ਕੁਤਾਹੀ ਵਰਤਣ ਲਈ ਕੀਤਾ ਮੁਅੱਤਲ

**ਜੰਡਿਆਲਾ ਗੁਰੂ 13 ਮਈ: ( ਕੁਲਵੰਤ ਸਿੰਘ ਵਿਰਦੀ )**-ਅੰਮ੍ਰਿਤਸਰ ਦੇ ਮਜੀਠਾ ਵਿੱਚ ਨਕਲੀ ਸ਼ਰਾਬ ਕਾਰਨ ਹੋਏ ਜਾਨੀ ਨੁਕਸਾਨ ਉਪਰੰਤ ਤੇਜ਼ੀ ਨਾਲ ਕਾਰਵਾਈ ਕਰਦਿਆਂ, ਪੰਜਾਬ ਪੁਲਿਸ ਨੇ ਗੈਰ-ਕਾਨੂੰਨੀ ਸ਼ਰਾਬ ਦੇ ਵਪਾਰ ਦੇ ਸਰਗਨਾ ਸਮੇਤ ਕਈ ਸਥਾਨਕ ਵਿਤਰਕਾਂ ਅਤੇ ਉਦਯੋਗਿਕ ਉਤਪਾਦਾਂ ਵਿੱਚ ਵਰਤੇ ਜਾਣ ਵਾਲੇ ਘਾਤਕ ਰਸਾਇਣ ਮੀਥੇਨੌਲ ਦੇ ਮੁੱਖ ਸਪਲਾਇਰ ਨੂੰ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਇਸ ਰੈਕੇਟ ਦੇ ਗ੍ਰਿਫ਼ਤਾਰ ਸਰਗਨਾ ਦੀ ਪਛਾਣ ਸਾਹਿਬ ਸਿੰਘ ਵਜੋਂ ਹੋਈ ਹੈ, ਜਦੋਂ ਕਿ ਮੀਥੇਨੌਲ ਦੇ ਮੁੱਖ ਸਪਲਾਇਰਾਂ ਦੀ ਪਛਾਣ ਲੁਧਿਆਣਾ ਦੇ ਸੁੱਖ ਐਨਕਲੇਵ ਵਿਖੇ ਸਾਹਿਲ ਕੈਮੀਕਲਜ਼ ਦੇ ਮਾਲਕ ਪੰਕਜ ਕੁਮਾਰ ਉਰਫ ਸਾਹਿਲ ਅਤੇ ਅਰਵਿੰਦ ਕੁਮਾਰ ਵਜੋਂ ਹੋਈ ਹੈ। ਇਸ ਤੋਂ ਇਲਾਵਾ ਪੁਲਿਸ ਨੇ ਸਥਾਨਕ ਵਿਤਰਕਾਂ- ਜਿਨ੍ਹਾਂ ਦੀ ਪਛਾਣ ਪ੍ਰਭਜੀਤ ਸਿੰਘ ਅਤੇ ਕੁਲਬੀਰ ਸਿੰਘ ਵਜੋਂ ਹੋਈ ਹੈ ਅਤੇ ਸਥਾਨਕ ਵਿਕਰੇਤਾਵਾਂ -ਜਿਨ੍ਹਾਂ ਦੀ ਪਛਾਣ ਨਿੰਦਰ ਕੌਰ, ਸਾਹਿਬ ਸਿੰਘ, ਗੁਰਜੰਟ ਸਿੰਘ, ਅਰੁਣ ਉਰਫ਼ ਕਾਲਾ ਅਤੇ ਸਿਕੰਦਰ ਸਿੰਘ ਉਰਫ਼ ਪੱਪੂ ਵਜੋਂ ਹੋਈ ਹੈ, ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸਰਗਨਾ ਸਾਹਿਬ ਸਿੰਘ ਵੱਲੋਂ ਆਨਲਾਈਨ ਖਰੀਦੇ ਗਏ ਮੀਥੇਨੌਲ ਕੈਮੀਕਲ ਦੀ ਵਰਤੋਂ ਨਕਲੀ ਸ਼ਰਾਬ ਬਣਾਉਣ ਲਈ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦਾ ਮੁਕੰਮਲ ਤੌਰ 'ਤੇ ਪਰਦਾਫਾਸ਼ ਕਰਨ ਅਤੇ ਇਸ ਵਿੱਚ ਸ਼ਾਮਲ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਜਾਂਚ ਜਾਰੀ ਹੈ।

ਡੀਜੀਪੀ ਨੇ ਦੱਸਿਆ ਕਿ ਡੀਐਸਪੀ ਸਬ-ਡਵੀਜ਼ਨ ਮਜੀਠਾ ਅਮੋਲਕ ਸਿੰਘ ਅਤੇ ਐਸਐਚਓ ਥਾਣਾ ਮਜੀਠਾ ਐਸਆਈ ਅਵਤਾਰ ਸਿੰਘ ਨੂੰ ਆਪਣੀਆਂ ਡਿਊਟੀਆਂ ਵਿੱਚ ਕੁਤਾਹੀ ਵਰਤਣ ਲਈ ਮੁਅੱਤਲ ਕਰ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀਆਂ ਵਿਰੁੱਧ ਵਿਭਾਗੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ, "ਅਸੀਂ ਸਾਰੇ ਦੁੱਖ ਦੇ ਸਮੇਂ ਇੱਕਜੁੱਟ ਹਾਂ ਅਤੇ ਇਹ ਯਕੀਨੀ ਬਣਾਉਣ ਲਈ ਦ੍ਰਿੜ ਹਾਂ ਕਿ ਨਿਆਂ ਦਿੱਤਾ ਜਾਵੇ ਅਤੇ ਭਵਿੱਖ ਵਿੱਚ ਅਜਿਹੇ ਦੁਖਾਂਤਾਂ ਨੂੰ ਰੋਕਿਆ ਜਾਵੇ।"

**ਇਸ ਮਾਮਲੇ ਵਿੱਚ ਹੋਰ ਜਾਂਚ ਜਾਰੀ; ਇਸ ਰੈਕੇਟ ਚ ਸ਼ਾਮਲ ਸਾਰੇ ਦੋਸ਼ੀਆਂ ਨੂੰ ਜਲਦ ਹੀ ਗ੍ਰਿਫ਼ਤਾਰ ਕੀਤਾ ਜਾਵੇਗਾ: ਐਸਐਸਪੀ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ**

ਸੀਨੀਅਰ ਸੁਪਰਡੈਂਟ ਪੁਲਿਸ ਆਫ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਨੇ ਢੰਗ-ਤਰੀਕਿਆਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਸਥਾਨਕ ਵਿਤਰਕ ਪ੍ਰਭਜੀਤ ਸਿੰਘ ਨੇ ਸਰਗਨਾ ਸਾਹਿਬ ਸਿੰਘ ਤੋਂ 50 ਲੀਟਰ ਦੀ ਕੈਨੀ ਵਿੱਚ ਭਰਿਆ ਮੀਥੇਨੌਲ ਕੈਮੀਕਲ ਪ੍ਰਾਪਤ ਕੀਤਾ ਸੀ। ਪੁੱਛਗਿੱਛ ਦੌਰਾਨ, ਦੋਸ਼ੀ ਸਾਹਿਬ ਨੇ ਖੁਲਾਸਾ ਕੀਤਾ ਕਿ ਉਸਨੇ ਆਨਲਾਈਨ ਪਲੇਟਫਾਰਮ ਰਾਹੀਂ ਲੁਧਿਆਣਾ ਸਥਿਤ ਕੈਮੀਕਲ ਫਰਮ, ਸਾਹਿਲ ਕੈਮੀਕਲਜ਼ ਤੋਂ ਮੀਥੇਨੌਲ ਆਰਡਰ ਕੀਤਾ ਸੀ। ਐਸਐਸਪੀ ਨੇ ਦੱਸਿਆ ਕਿ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਸਰਗਨਾ ਸਾਹਿਬ ਸਿੰਘ ਵੱਲੋਂ ਦਿੱਲੀ ਸਥਿਤ ਫਰਮ ਤੋਂ ਆਰਡਰ ਕੀਤੀ ਗਈ ਮੀਥੇਨੌਲ ਦੀ ਇੱਕ ਹੋਰ ਖੇਪ ਰਾਸਤੇ ਵਿੱਚ ਹੈ। ਉਨ੍ਹਾਂ ਕਿਹਾ ਕਿ ਆਬਕਾਰੀ ਅਤੇ ਪੁਲਿਸ ਟੀਮਾਂ ਨੂੰ ਖੇਪ ਪਹੁੰਚਣ 'ਤੇ ਇਸਨੂੰ ਪ੍ਰਾਪਤ ਕਰਨ ਅਤੇ ਜ਼ਬਤ ਕਰਨ ਲਈ ਤਾਇਨਾਤ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਰੈਕੇਟ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਇਸ ਸਬੰਧੀ ਐਫਆਈਆਰ ਨੰਬਰ 42/25 ਥਾਣਾ ਮਜੀਠਾ ਵਿਖੇ ਅਤੇ ਐਫਆਈਆਰ ਨੰਬਰ 16/25 ਥਾਣਾ ਕੱਥੂਨੰਗਲ ਵਿਖੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 105 ਅਤੇ 103, ਆਬਕਾਰੀ ਐਕਟ ਦੀ ਧਾਰਾ 61ਏ ਅਤੇ ਐਸਸੀ/ਐਸਟੀ ਐਕਟ ਦੀ ਧਾਰਾ 3 ਤਹਿਤ ਦੋ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ।

# ਚੌਕ ਮਹਿਤਾ ਤੋਂ ਕਾਂਗਰਸ ਨੂੰ ਝੱਟਕਾ, ਕਾਂਗਰਸੀ ਆਗੂਆਂ ਈ.ਟੀ.ਓ. ਦੀ ਅਗਵਾਈ ਕਬੂਲੀ

**ਚੌਕ ਮਹਿਤਾ, 13 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਹਲਕਾ ਜੰਡਿਆਲਾ ਗੁਰੂ ਦੇ ਕਸਬਾ ਮਹਿਤਾ ਚੌਕ ਤੋਂ ਆਮ ਆਦਮੀ ਪਾਰਟੀ ਨੂੰ ਤਗੜਾ ਬਲ ਮਿਲਿਆ, ਜਦ ਵਿਖੇ ਮਿਲੀ ਜਦੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਮਨੋਜ ਤਨੇਜਾ,ਰਮਨ ਤਨੇਜਾ, ਪੰਕਜ ਤਨੇਜਾ, ਮਨਵਿੰਦਰ ਸਿੰਘ ਮੰਨਾ, ਰਣਵੀਰ ਸਿੰਘ, ਲਵ ਤਨੇਜਾ,ਕਾਰਤਿਕ ਨੇਜਾ, ਯੰਕਿਸ਼ ਅਰੋੜਾ, ਮਲਕੀਰਤ ਸਿੰਘ, ਮਨਪ੍ਰੀਤ ਸਿੰਘ ਮੰਨੂ, ਹਰਜੀਤ ਸਿੰਘ (ਬਾਬਾ), ਸੰਦੀਪ (ਸ਼ੈਂਟੀ) ਅਜੇਪਾਲ ਸਿੰਘ, ਬਲਵਿੰਦਰ ਸਿੰਘ, ਜਿੰਮੀ, ਜੈਨ ਤਨੇਜਾ, ਮੈਂਸੁਧੀਰ ਸ਼ਰਮਾ ਅਸ਼ੋਕ ਸ਼ਰਮਾ ਮਨਜੀਤ ਸਿੰਘ ਰਵੀ ਬਾਵਾ ਭਾਈ ਪ੍ਰੇਮ ਰਾਜਾ ਅਰੋੜਾ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ ਜਿਨ੍ਹਾਂ ਨੇ ਆਖਿਆ ਕਿ 'ਆਪ ' ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਪਾਰਟੀ ਵਿੱਚ ਸ਼ਾਮਿਲ ਹੋਏ । ਇਸ ਦੌਰਾਨ ਮੰਤਰੀ ਈ.ਟੀ.ਓ ਨੇ ਪਾਰਟੀ ਵਿੱਚ ਆਉਣ ਤੇ ਇਨਾਂ ਨੂੰ ਆਇਆਂ ਕਿਹਾ ਅਤੇ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ।ਉਨਾਂ ਕਿਹਾ ਕਿ ਸਾਡੀ ਪਾਰਟੀ ਨੇ ਜੋ ਕਿਹਾ ਉਹ ਕਰਕੇ ਵਿਖਾਇਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜੋ ਗਰੰਟੀਆਂ ਪੰਜਾਬੀਆਂ ਨੂੰ ਦਿੱਤੀਆਂ ਸਨ ਉਹ ਲਗਭਗ ਪੂਰੀਆਂ ਕਰ ਦਿੱਤੀਆਂ ਗਈਆਂ ਹਨ। ਉਨਾਂ ਜੰਡਿਆਲਾ ਹਲਕੇ ਦੀ ਗੱਲ ਕਰਦਿਆਂ ਆਖਿਆ ਕਿ ਇਸ ਹਲਕੇ ਵਿੱਚ ਮੈਂ ਪਿਛਲੇ ਤਿੰਨਾਂ ਸਾਲਾਂ ਤੋਂ ਵਿਕਾਸ ਦੀ ਹਨੇਰੀ ਲਿਆ ਦਿੱਤੀ ਹੈ ਅਤੇ ਹੁਣ ਵੀ ਕੰਮ ਲਗਾਤਾਰ ਜਾਰੀ ਹੈ, ਆਉਣ ਵਾਲੇ ਦੋ ਸਾਲਾਂ ਵਿਚ ਇਸ ਹਲਕੇ ਦੀ ਨੁਹਾਰ ਬਦਲ ਦਿੱਤੀ ਜਾਵੇਗੀ।



# ਮੁੱਖ ਮੰਤਰੀ ਭਗਵੰਤ ਮਾਨ ਨੇ ਹਰੇਕ ਮ੍ਰਿਤਕ ਦੇ ਪਰਿਵਾਰ ਲਈ 10 ਲੱਖ ਰੁਪਏ ਦੇ ਮੁਆਵਜ਼ੇ ਦਾ ਕੀਤਾ ਐਲਾਨ

## ਇਸ ਸਾਜ਼ਿਸ਼ ਦੇ ਪਿੱਛੇ ਜੋ ਵੀ ਹਨ, ਉਨ੍ਹਾਂ ਨੂੰ ਸਖਤ ਤੋਂ ਸਖਤ ਸਜ਼ਾ ਮਿਲੇਗੀ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ," ਮੁੱਖ ਮੰਤਰੀ ਮਾਨ ਨੇ ਕੀਤਾ ਐਲਾਨ



**ਅੰਮ੍ਰਿਤਸਰ, 13 ਮਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਜ਼ਹਿਰੀਲੀ ਸ਼ਰਾਬ ਕਾਰਨ ਵਾਪਰੇ ਦੁਖਾਂਤ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਨਹੀਂ ਬਖਸ਼ਿਆ ਨਹੀਂ ਜਾਵੇਗਾ, ਭਾਵੇਂ ਉਹ ਕਿੰਨਾ ਵੀ ਅਮੀਰ ਜਾਂ ਪਹੁੰਚ ਵਾਲਾ ਕਿਉਂ ਨਾ ਹੋਵੇ। ਜ਼ਹਿਰੀਲੀ ਸ਼ਰਾਬ ਦੁਖਾਂਤ ਦੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਸਾਂਝੀ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੌਤਾਂ ਸਿਰਫ਼ ਹਾਦਸਾ ਨਹੀਂ ਹੈ, ਸਗੋਂ ਕਤਲ ਹੈ, ਜੋ ਕੁਝ ਵਿਅਕਤੀਆਂ ਦੇ ਲਾਲਚ ਕਾਰਨ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਇਕ ਸਪੱਸ਼ਟ ਕਤਲ ਹੈ ਅਤੇ ਸੂਬਾ ਸਰਕਾਰ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਯਕੀਨੀ ਬਣਾਏਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜ਼ਹਿਰੀਲੀ ਸ਼ਰਾਬ ਕਾਰਨ 17 ਕੀਮਤੀ ਜਾਨਾਂ ਚਲੀਆਂ ਗਈਆਂ ਹਨ ਅਤੇ ਇਸ ਲਈ ਜ਼ਿੰਮੇਵਾਰ ਲੋਕ ਕਿਸੇ ਵੀ ਰਹਿਮ ਦੇ ਹੱਕਦਾਰ ਨਹੀਂ ਹਨ, ਕਿਉਂਕਿ ਉਨ੍ਹਾਂ ਨੇ ਇਹ ਅਪਰਾਧ ਸੋਚ-ਸਮਝ ਕੇ ਕੀਤਾ ਹੈ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਇਹ ਅਪਰਾਧ ਸ਼ਕਤੀਸ਼ਾਲੀ ਸਿਆਸਤਦਾਨਾਂ ਦੀ ਸਿਆਸੀ ਸਰਪ੍ਰਸਤੀ ਤੋਂ ਬਿਨਾਂ ਨਹੀਂ ਕੀਤਾ ਜਾ ਸਕਦਾ ਅਤੇ ਪੁਲਿਸ ਵੱਲੋਂ ਇਸ ਪਹਿਲੂ ਦੀ ਜਾਂਚ ਕੀਤੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁੱਖ ਮੁਲਜ਼ਮ ਸਮੇਤ 10 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਨਾਲ ਹੀ ਪੁਲਿਸ ਨੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਗਠਜੋੜ ਦੇ ਸੰਪਰਕ ਸੂਤਰਾਂ ਦੀ ਵੀ ਪਛਾਣ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਮੈਂ ਇਕ ਗੱਲ ਸਪੱਸ਼ਟ ਤੌਰ 'ਤੇ ਦੱਸਣਾ ਚਾਹੁੰਦਾ ਹਾਂ, ਮੇਰੀ ਸਰਕਾਰ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦੇ ਕੇ ਬੇਸਹਾਰਾ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਦ੍ਰਿੜ੍ਹ ਹੈ।"ਮੁੱਖ ਮੰਤਰੀ ਨੇ ਕਿਹਾ ਕਿ ਇਸ ਗਠਜੋੜ ਦੇ ਸਬੰਧ ਦਿੱਲੀ ਤੱਕ ਲੱਭੇ ਗਏ ਹਨ ਅਤੇ ਇਸ ਅਪਰਾਧ ਵਿੱਚ ਸ਼ਾਮਲ ਹਰੇਕ ਵਿਅਕਤੀ ਨੂੰ ਸੂਬਾ ਸਰਕਾਰ ਵੱਲੋਂ ਸਲਾਖਾਂ ਪਿੱਛੇ ਡੱਕਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਗੰਭੀਰ ਦੁਖਾਂਤ ਦੇ ਦੋਸ਼ੀਆਂ ਵੱਲੋਂ 600 ਲੀਟਰ ਮਿਥੇਨੌਲ, ਆਨਲਾਈਨ ਮੰਗਵਾਇਆ ਗਿਆ ਸੀ, ਜਿਸ ਦੀ ਵਰਤੋਂ ਸ਼ਾਇਦ ਨਕਲੀ ਸ਼ਰਾਬ ਬਣਾਉਣ ਲਈ ਕੀਤੀ ਗਈ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਇਸ ਮਾਮਲੇ ਦੇ ਸਾਰੇ ਪਹਿਲੂਆਂ ਦੀ ਜਾਂਚ ਕਰ ਰਹੀ ਹੈ ਤਾਂ ਜੋ ਦੋਸ਼ੀਆਂ ਨੂੰ ਫੜਿਆ ਜਾ ਸਕੇ ਅਤੇ ਉਨ੍ਹਾਂ ਨੂੰ ਮਿਸਾਲੀ ਸਜ਼ਾ ਦਿੱਤੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਕਲੀ ਸ਼ਰਾਬ ਦੀ ਵਿਕਰੀ ਅਤੇ ਸਪਲਾਈ ਰੋਕਣ ਵਿੱਚ ਲਾਪਰਵਾਹੀ ਵਰਤਣ ਲਈ ਪਹਿਲਾਂ ਹੀ ਚਾਰ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਹੈ, ਜਿਨ੍ਹਾਂ ਵਿਚ ਡੀ.ਐਸ.ਪੀ., ਐਸ.ਐਚ.ਓ. ਅਤੇ ਆਬਕਾਰੀ ਵਿਭਾਗ ਦੇ ਦੋ ਅਧਿਕਾਰੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਭਾਵੇਂ ਇਹ ਗੱਠਜੋੜ ਬਹੁਤ ਮਜ਼ਬੂਤ ਹੈ ਅਤੇ ਪਿਛਲੀਆਂ ਸਰਕਾਰਾਂ ਵੱਲੋਂ ਖੁੱਲ੍ਹੀ ਸਰਪ੍ਰਸਤੀ ਕਾਰਨ ਇਸ ਨੇ ਆਪਣੇ ਪੈਰ ਮਜ਼ਬੂਤ ਕੀਤੇ ਹਨ ਪਰ ਇਸ ਸ਼ਰਾਬ ਮਾਫੀਆ ਨੂੰ ਸੂਬੇ ਵਿੱਚੋਂ ਖ਼ਤਮ ਕਰ ਦਿੱਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇ ਕੋਈ ਵੀ ਸਿਆਸਤਦਾਨ ਜਾਂ ਸਰਕਾਰੀ ਕਰਮਚਾਰੀ, ਜ਼ਹਿਰੀਲੀ ਸ਼ਰਾਬ ਨਾਲ ਹੋਈਆਂ ਮੌਤਾਂ ਵਿੱਚ ਸ਼ਾਮਲ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਇਸ ਮਾਫ਼ੀਆ 'ਤੇ ਕਾਰਵਾਈ ਕਰਨ ਲਈ ਪੰਜਾਬ ਪੁਲਿਸ ਨੂੰ ਨਿਰਦੇਸ਼ ਦੇ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਰਾਰਤੀ ਅਨਸਰਾਂ ਨੇ ਭਾਰਤ-ਪਾਕਿਸਤਾਨ ਸਰਹੱਦਾਂ 'ਤੇ ਤਣਾਅ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਵਿੱਚ ਪੁਲਿਸ ਦੀ ਹੋਈ ਤਾਇਨਾਤੀ ਦਾ ਫਾਇਦਾ ਉਠਾਇਆ ਤਾਂ ਜੋ ਪੰਜਾਬੀਆਂ ਦੀਆਂ ਜਾਨਾਂ ਦੀ ਕੀਮਤ 'ਤੇ ਆਪਣਾ ਲਾਲਚ ਪੂਰਾ ਕੀਤਾ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਲੋਕਾਂ ਨੂੰ ਆਪਣੇ ਪਾਪਾਂ ਦੀ ਕੀਮਤ ਚੁਕਾਉਣੀ ਪਵੇਗੀ ਅਤੇ ਸੂਬਾ ਸਰਕਾਰ ਵੱਲੋਂ ਉਨ੍ਹਾਂ ਨੂੰ ਢੁਕਵਾਂ ਸਬਕ ਸਿਖਾਇਆ ਜਾਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਜ਼ਹਿਰੀਲੀ ਸ਼ਰਾਬ ਨੇ ਪੀੜਤ ਪਰਿਵਾਰਾਂ ਦੇ ਇਕਲੌਤੇ ਰੋਟੀ ਕਮਾਉਣ ਵਾਲਿਆਂ ਨੂੰ ਖੋਹ ਲਿਆ ਹੈ ਅਤੇ ਲਗਪਗ 17 ਵਿਅਕਤੀਆਂ ਦੀ ਜਾਨ ਚਲੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੌਤਾਂ ਉਸੇ ਤਰ੍ਹਾਂ ਹੋਈਆਂ, ਜਿਸ ਤਰ੍ਹਾਂ ਸਾਲ 2020 ਵਿੱਚ ਤਰਨ ਤਾਰਨ ਵਿਖੇ ਜ਼ਹਿਰੀਲੀ ਸ਼ਰਾਬ ਕਾਰਨ ਹੋਈਆਂ ਸਨ। ਉਨ੍ਹਾਂ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਸੂਬਾ ਸਰਕਾਰ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਮੁੱਖ ਮੰਤਰੀ ਨੇ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 10 ਲੱਖ ਰੁਪਏ ਦੇ ਮੁਆਵਜ਼ੇ ਦਾ ਐਲਾਨ ਕੀਤਾ ਅਤੇ ਕਿਹਾ ਕਿ ਸੂਬਾ ਸਰਕਾਰ ਪੀੜਤਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਸਾਰਾ ਖਰਚਾ ਚੁੱਕੇਗੀ। ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਇਨ੍ਹਾਂ ਪਰਿਵਾਰਾਂ ਨੂੰ ਨੌਕਰੀਆਂ ਅਤੇ ਹੋਰ ਹਰ ਸੰਭਵ ਮਦਦ ਵੀ ਦਿੱਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਪਰਿਵਾਰਾਂ ਦੀ ਸੁਰੱਖਿਆ ਅਤੇ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

# ੧ੴ ਸਤਿਗੁਰ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥

ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਵਾਜ਼ਿ ਕੌਮ
AWAZE QAUM
International Newspaper & WEB TV

ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਅਮਰਦੀਪ ਸਿੰਘ ਮਾਨ ਜਲਾਲ

ਦੁੱਖੀ ਹਿਰਦੇ ਨਾਲ ਸਾਬਕਾ ਚੇਅਰਮੈਨ ਕੰਵਰਦੀਪ ਸਿੰਘ ਮਾਨ ਜਲਾਲ ਭਰਾ,

ਇਕਬਾਲ ਸਿੰਘ ਮਾਨ ਜਲਾਲ ਭਰਾ, ਬਿਲਾਵਲ ਸਿੰਘ ਮਾਨ ਸਪੁੱਤਰ,

ਭੋਗ 18ਮਈ2025 ਦਿਨ ਐਤਵਾਰ , ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਜਲਾਲ ਸਮੂਹ ਮਾਨ ਪਰਵਾਰ

**ਸਮਾਂ 12 ਤੋ 1 ਵਜੇ ਤੱਕ ਪਵੇਗਾ**

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।